


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ


# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ,13 ਮਾਰਚ 2025

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 266 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਯੂਕਰੇਨ ਵਿਚ 30 ਦਿਨਾਂ ਲਈ ਜੰਗਬੰਦੀ ਦੀ ਅਮਰੀਕੀ ਤਜਵੀਜ਼ ਨਾਲ ਸਿਧਾਂਤਕ ਤੌਰ 'ਤੇ ਸਹਿਮਤ: ਪੂਤਿਨ

ਮਾਸਕੋ, ਲੋਕ ਬਾਣੀ- ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨੇ ਵੀਰਵਾਰ ਨੂੰ ਕਿਹਾ ਕਿ ਉਹ ਯੂਕਰੇਨ ਵਿੱਚ 30 ਦਿਨਾਂ ਦੀ ਜੰਗਬੰਦੀ ਲਈ ਅਮਰੀਕੀ ਤਜਵੀਜ਼ ਨਾਲ ਸਿਧਾਂਤਕ ਤੌਰ 'ਤੇ ਸਹਿਮਤ ਹਨ, ਪਰ ਸ਼ਰਤਾਂ 'ਤੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਨਾਲ ਸਥਾਈ ਸ਼ਾਂਤੀ ਦਾ ਰਾਹ ਪੱਧਰਾ ਹੋਣਾ ਚਾਹੀਦਾ ਹੈ। ਪੂਤਿਨ ਨੇ ਮਾਸਕੋ ਵਿਚ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ, "ਇਸ ਲਈ ਇਹ ਵਿਚਾਰ



ਆਪਣੇ ਆਪ ਵਿੱਚ ਸਹੀ ਹੈ, ਅਤੇ ਅਸੀਂ ਯਕੀਨੀ ਤੌਰ 'ਤੇ ਇਸ ਦਾ ਸਮਰਥਨ ਕਰਦੇ ਹਾਂ।"

## Canada ਮਾਰਕ ਕਾਰਨੀ ਸ਼ੁੱਕਰਵਾਰ ਨੂੰ ਲੈਣਗੇ ਨਵੇਂ ਪ੍ਰਧਾਨ ਮੰਤਰੀ ਵਜੋਂ ਹਲਫ਼

ਵੈਨਕੂਵਰ, ਲੋਕ ਬਾਣੀ- ਲਿਬਰਲ ਪਾਰਟੀ ਨੇ ਨਵੇਂ ਆਗੂ ਮਾਰਕ ਕਾਰਨੀ ਸ਼ੁੱਕਰਵਾਰ ਨੂੰ ਸਥਾਨਕ ਸਮੇਂ ਮੁਤਾਬਕ ਸਵੇਰੇ 11 ਵਜੇ ਕੈਨੇਡਾ ਦੇ 24ਵੇਂ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣਗੇ। ਹਲਫ਼ਦਾਰੀ ਸਮਾਗਮ ਰਿਡਿਊ ਹਾਲ ਸਥਿਤ ਦੇਸ਼ ਦੀ ਗਵਰਨਰ ਜਨਰਲ ਮੈਰੀ ਸਾਈਮਨ ਦੇ ਗ੍ਰਹਿ ਵਿਖੇ ਹੋਵੇਗਾ। ਇਸ ਮੌਕੇ ਕਾਰਨੀ ਕੈਬਨਿਟ ਦੇ ਬਾਕੀ ਮੰਤਰੀ ਵੀ ਹਲਫ਼ ਲੈਣਗੇ।ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਗਵਰਨਰ ਜਨਰਲ ਹਾਊਸ ਪਹੁੰਚ ਕੇ ਰਸਮੀ ਤੌਰ 'ਤੇ ਆਪਣਾ ਅਸਤੀਫਾ ਦੇਣਗੇ। ਖ਼ਬਰ ਲਿਖੇ ਜਾਣ ਤੱਕ ਨਵੀਂ ਕੈਬਨਿਟ ਵਿਚ ਮੰਤਰੀਆਂ ਦੇ ਨਾਵਾਂ ਨੂੰ ਲੈ ਕੇ ਭੇਤ ਬਰਕਰਾਰ ਸੀ। ਉਂਝ ਮੁੱਢਲੇ




ਸੰਕੇਤਾਂ ਅਨੁਸਾਰ ਨਵਾਂ ਮੰਤਰੀ ਮੰਡਲ ਮੌਜੂਦਾ (36 ਮੈਂਬਰੀ) ਤੋਂ ਕਾਫੀ ਛੋਟਾ ਹੋਵੇਗਾ।

## ਕੇਂਦਰ ਨਾਲ ਭਾਸ਼ਾ ਵਿਵਾਦ ਦਰਮਿਅਨ ਤਾਮਿਲ ਨਾਡੂ ਨੇ ਬਜਟ ਲੋਗੋ ਵਿਚ rupee ਦਾ ਚਿੰਨ੍ਹ ਬਦਲਿਆ

ਚੇਨੱਈ, ਵਿਨੋਦ ਸ਼ਰਮਾ- ਤਿੰਨ ਭਾਸ਼ਾਈ ਫਾਰਮੂਲੇ ਨੂੰ ਲੈ ਕੇ ਕੇਂਦਰ ਨਾਲ ਜਾਰੀ ਟਕਰਾਅ ਦਰਮਿਆਨ ਤਾਮਿਲ ਨਾਡੂ ਸਰਕਾਰ ਨੇ ਅਗਲੇ ਵਿੱਤੀ ਸਾਲ 2025-26 ਦੇ ਬਜਟ ਲਈ ਆਪਣੇ ਲੋਗੋ ਵਿਚ ਦੇਵਨਾਗਰੀ rupee ਦੇ ਚਿੰਨ੍ਹ ਨੂੰ ਤਾਮਿਲ ਅੱਖਰ ਨਾਲ ਬਦਲ ਦਿੱਤਾ ਹੈ। ਵਿੱਤ ਮੰਤਰੀ Thangam Thennarasu ਸ਼ੁੱਕਰਵਾਰ ਨੂੰ ਸੂਬਾਈ ਅਸੈਂਬਲੀ ਵਿਚ ਬਜਟ ਪੇਸ਼ ਕਰਨਗੇ। ਵੀਰਵਾਰ ਨੂੰ ਸਰਕਾਰ ਵੱਲੋਂ ਜਾਰੀ ਕੀਤੇ ਗਏ ਬਜਟ




ਦੇ ਲੋਗੋ ਵਿੱਚ ਲਿਖਿਆ ਹੋਇਆ ਹੈ, ਜੋ ਕਿ ਤਾਮਿਲ ਸ਼ਬਦ ਦਾ ਪਹਿਲਾ ਅੱਖਰ ਹੈ, ਜੋ ਕਿ ਸਥਾਨਕ ਭਾਸ਼ਾ ਵਿੱਚ ਭਾਰਤੀ ਮੁਦਰਾ ਨੂੰ ਦਰਸਾਉਂਦਾ ਹੈ।

## ਹੋਲੀ ਕਰਕੇ 15 ਮਾਰਚ ਨੂੰ ਹਿੰਦੀ ਦਾ ਪੇਪਰ ਨਾ ਦੇਣ ਵਾਲੇ 12ਵੀਂ ਦੇ ਵਿਦਿਆਰਥੀਆਂ ਨੂੰ ਮਿਲੇਗਾ ਇਕ ਹੋਰ ਮੌਕਾ:

ਨਵੀਂ ਦਿੱਲੀ ਲੋਕ ਬਾਣੀ- ਪ ਸੀਬੀਐੱਸਈ ਨੇ ਅੱਜ ਐਲਾਨ ਕੀਤਾ ਕਿ ਹੋਲੀ ਦੇ ਤਿਓਹਾਰ ਕਰਕੇ 15 ਮਾਰਚ ਲਈ ਤਜਵੀਜ਼ਤ ਹਿੰਦੀ ਦੀ ਪ੍ਰੀਖਿਆ ਵਿਚ ਨਾ ਬੈਠ ਸਕਣ ਵਾਲੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪੇਪਰ ਦੇਣ ਦਾ ਇਕ ਹੋਰ ਮੌਕਾ ਮਿਲੇਗਾ।

ਸੀਬੀਐੱਸਈ ਦੇ ਪ੍ਰੀਖਿਆ ਕੰਟਰੋਲਰ ਸੰਯਮ ਭਾਰਦਵਾਜ ਨੇ ਕਿਹਾ, "ਸੀਬੀਆਈ ਨੂੰ ਇਹ ਦੱਸ ਦਿੱਤਾ ਗਿਆ ਹੈ ਕਿ ਹੋਲੀ ਦਾ



ਤਿਓਹਾਰ ਦੇਸ਼ ਦੇ ਬਹੁਤੇ ਹਿੱਸਿਆਂ ਵਿਚ ਭਾਵੇਂ 14 ਮਾਰਚ ਨੂੰ ਮਨਾਇਆ ਜਾਣਾ ਹੈ,

## ਮੁਸਲਮਾਨਾਂ ਨਾਲ ਜਿਸ ਤਰ੍ਹਾਂ ਦਾ ਵਿਵਹਾਰ ਕੀਤਾ ਜਾ ਰਿਹਾ ਹੈ ਉਹ ਬਹੁਤ .ਗਲਤ ਹੈ - ਮਹਿਬੂਬਾ ਮੁ.ਫਤੀ

ਜੰਮੂ ਲੋਕ ਬਾਣੀ ਪੀਪਲਜ਼ ਡੈਮੋਕ੍ਰੇਟਿਕ ਪਾਰਟੀ (ਪੀ.ਡੀ.ਪੀ.) ਦੀ ਮੁਖੀ ਮਹਿਬੂਬਾ ਮੁਫ਼ਤੀ ਨੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਆਦਿੱਤਿਆਨਾਥ ਤੇ ਸੂਬੇ ਦੇ ਮਾਹੌਲ ਨੂੰ ਖਰਾਬ ਕਰਨ ਦਾ ਦੋਸ਼ ਲਗਾਇਆ ਹੈ। ਮਹਿਬੂਬ ਮੁਫ਼ਤੀ ਨੇ ਕਿਹਾ ਕਿ ਮੁਸਲਮਾਨ ਅਤੇ ਹਿੰਦੂ ਇਕੱਠੇ ਹੋਲੀ ਅਤੇ ਈਦ ਮਨਾਉਂਦੇ ਸਨ ਅਤੇ ਭਾਈਚਾਰਕ ਸਦਭਾਵਨਾ



ਵਿਚ ਰਹਿੰਦੇ ਸਨ। ਉਨ੍ਹਾਂ ਨੇ ਸਰਕਾਰ ਦੁਆਰਾ ਫੈਲਾਏ ਜਾ ਰਹੇ

## ਯੋਗ ਗੁਰੂ ਰਾਮਦੇਵ ਨੇ ਆਪਣੇ ਵਿਦਿਆਰਥੀਆਂ ਨਾਲ ਫੁੱਲਾਂ ਨਾਲ ਮਨਾਈ ਹੋਲੀ

ਉਤਰਾਖੰਡ, ਲੋਕ ਬਾਣੀ- - ਯੋਗ ਗੁਰੂ ਰਾਮਦੇਵ ਨੇ ਅੱਜ ਪਤੰਜਲੀ ਯੂਨੀਵਰਸਿਟੀ, ਹਰਿਦੁਆਰ ਦੇ ਵਿਦਿਆਰਥੀਆਂ ਨਾਲ ਫੁੱਲਾਂ ਦੀ ਹੋਲੀ ਮਨਾਈ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਵੀ ਸਾਂਝੇ ਕੀਤੇ।



## ਧੋਖਾਧੜੀ ਦਾ ਸ਼ਿਕਾਰ ਜੁਗਰਾਜ ਸਿੰਘ ਭਾਰਤੀ ਸੈਨਾ ਅਤੇ ਅੰਬੈਸੀ ਦੀ ਬਦੌਲਤ ਮੀਆਂਮਾਰ ਤੋਂ ਵਾਪਸ ਪਰਤਿਆ

ਛੇਹਰਟਾ( ਲੋਕ ਬਾਣੀ-13 ਮਾਰਚ (ਵਡਾਲੀ)-ਥਾਈਲੈਂਡ 'ਚ ਨੌਕਰੀ ਦੀ ਆਨਲਾਈਨ ਪੇਸ਼ਕਸ਼ ਦਾ ਸ਼ਿਕਾਰ ਹੋਇਆ ਜੁਗਰਾਜ ਸਿੰਘ ਪੁੱਤਰ ਮਨਜਿੰਦਰ ਸਿੰਘ ਪੱਤੀ ਰੰਧਾਵਾ ਗੁਰੂ ਕੀ ਵਡਾਲੀ ਅੰਮ੍ਰਿਤਸਰ ਬੀਤੀ ਰਾਤ ਭਾਰਤੀ ਸੈਨਾ ਅਤੇ ਅੰਬੈਸੀ ਦੇ ਸਹਿਯੋਗ ਨਾਲ ਮਿਆਂਮਾਰ ਤੋਂ ਵਾਪਸ ਆਪਣੇ ਘਰ ਪਰਤ ਆਇਆ ਹੈ। ਜੁਗਰਾਜ ਸਿੰਘ ਨੇ ਦੱਸਿਆ ਕਿ ਉਹ 12ਵੀਂ ਪਾਸ ਹੈ ਤੇ ਇਥੇ ਸਕਰੈਬ ਦਾ ਕੰਮ ਕਰਦਾ



ਸੀ ਤੇ ਉਸ ਵਲੋਂ ਆਨਲਾਈਨ ਡੀ.ਬੀ.ਐ.ਲ ਜੋ ਕਿ ਥਾਈਲੈਂਡ ਵਿਚ ਕੰਪਨੀ ਹੈਲੈ ਆਨਲਾਈਨ ਨੌਕਰੀ ਦੀ ਪੇਸ਼ਕਸ਼ ਆਉਂਦੀ ਹੈ

## ਦਮਦਮੀ ਟਕਸਾਲ ਟਕਰਾਅ ਨਹੀਂ ਚਾਹੁੰਦੀ , ਪਰੰਤੂ ਨਵ-ਨਿਯੁਕਤ ਜਥੇਦਾਰ ਪੰਥ ਨੂੰ ਪ੍ਰਵਾਨਿਤ ਨਹੀਂ - ਬਾਬਾ ਖ਼ਾਲਸਾ

ਸ੍ਰੀ ਅਨੰਦਪੁਰ ਸਾਹਿਬ , ਲੋਕ ਬਾਣੀ- ਖ਼ਾਲਸਾਈ ਜਾਹੋ ਜਲਾਲ ਦਾ ਪ੍ਰਤੀਕ ਹੋਲਾ ਮੁਹੱਲਾ ਮੌਕੇ 14 ਮਾਰਚ ਸ਼ੁਕਰਵਾਰ ਨੂੰ ਦੁਪਹਿਰ 12 ਵਜੇ ਦਮਦਮੀ ਟਕਸਾਲ ਦੇ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਹੋ ਰਹੀ ਵੱਖ-ਵੱਖ ਸੰਤਾਂ ਮਹਾਂਪੁਰਸ਼ਾਂ, ਨਿਹੰਗ ਸਿੰਘ ਜਥੇਬੰਦੀਆਂ ਤੇ ਸੰਪਰਦਾਵਾਂ ਦੀ ਇਕੱਤਰਤਾ ਵਿਚ ਤਖ਼ਤ ਸਾਹਿਬਾਨ ਦੀ ਨਿਯੁਕਤੀ ਅਤੇ ਸੇਵਾਮੁਕਤੀ ਬਾਰੇ ਰਣਨੀਤੀ ਤੈਅ ਕਰਾਂਗੇ। ਇਨ੍ਹਾ ਸ਼ਬਦਾਂ



ਦਾ ਪ੍ਰਗਟਾਵਾ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਭਿੰਡਰਾਂ ਵਾਲਿਆਂ ਨੇ ਪੱਤਰਕਾਰ ਮਿਲਣੀ ਦੌਰਾਨ ਕੀਤਾ।






# ਪੰਜਾਬ ਵਿੱਚ ਮੁੜ ਬਦਲੇਗਾ ਦਾ ਮੌਸਮ ਦਾ ਮਿਜ਼ਾਜ; ਕਈ ਜ਼ਿਲ੍ਹਿਆਂ ਵਿੱਚ ਮੀਂਹ ਦੀ ਸੰਭਾਵਨਾ

(ਲੋਕ ਬਾਣੀ): ਵੀਰਵਾਰ ਤੋਂ ਪੰਜਾਬ ਵਿੱਚ ਪੱਛਮੀ ਗੜਬੜੀ ਸਰਗਰਮ ਹੋ ਰਹੀ ਹੈ। ਜਿਸ ਕਾਰਨ 16 ਮਾਰਚ ਤੱਕ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ ਬੱਦਲਵਾਈ ਅਤੇ ਮੀਂਹ ਪੈਣ ਦੀ ਸੰਭਾਵਨਾ ਹੈ। ਜਿਸ ਸਬੰਧੀ ਮੌਸਮ ਵਿਭਾਗ ਨੇ ਯੈਲੋ ਅਲਰਟ ਜਾਰੀ ਕੀਤਾ ਹੈ। ਮੌਸਮ ਵਿਭਾਗ ਦੀ ਭਵਿੱਖਵਾਣੀ ਮੁਤਾਬਿਕ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਚਾਰ ਦਿਨਾਂ ਤੱਕ ਤੇਜ਼ ਹਵਾਵਾਂ ਚੱਲ ਸਕਦੀਆਂ ਹਨ। ਇਸ ਸਮੇਂ ਦੌਰਾਨ, ਕੁਝ ਜ਼ਿਲ੍ਹਿਆਂ ਵਿੱਚ ਆਮ ਤੋਂ ਦਰਮਿਆਨੀ ਬਾਰਿਸ਼ ਵੀ ਹੋ ਸਕਦੀ ਹੈ। ਇਸ ਸਮੇਂ ਦੌਰਾਨ, ਦਿਨ ਦਾ ਤਾਪਮਾਨ ਘਟੇਗਾ ਜਦੋਂ ਕਿ ਰਾਤ ਦਾ ਤਾਪਮਾਨ ਵਧੇਗਾ।

ਦੂਜੇ ਪਾਸੇ ਖਰਾਬ ਮੌਸਮ ਦੀ ਸੰਭਾਵਨਾ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਕਿਉਂਕਿ ਇਸ ਸਮੇਂ ਕਣਕ ਨੇ ਦਾਣੇ ਦੇਣੇ ਸ਼ੁਰੂ ਕਰ ਦਿੱਤੇ ਹਨ। ਜੇਕਰ ਤੇਜ਼ ਹਵਾਵਾਂ ਦੇ ਨਾਲ ਮੀਂਹ ਪੈਂਦਾ ਹੈ ਤਾਂ ਕਣਕ ਦੀ ਫ਼ਸਲ ਨੂੰ ਨੁਕਸਾਨ ਪਹੁੰਚ ਸਕਦਾ ਹੈ। ਤੇਜ਼ ਹਵਾਵਾਂ ਫਸਲਾਂ ਦੀਆਂ ਜੜ੍ਹਾਂ ਦੇ ਕਮਜ਼ੋਰ ਹੋਣ ਅਤੇ ਉਖੜਨ ਦੀ ਸੰਭਾਵਨਾ ਨੂੰ ਵਧਾਉਂਦੀਆਂ ਹਨ। ਖੇਤੀਬਾੜੀ ਮਾਹਿਰਾਂ ਨੇ ਕਿਸਾਨਾਂ ਨੂੰ ਮੌਸਮ ਸਾਫ਼ ਹੋਣ ਤੱਕ ਸਿੰਚਾਈ ਨਾ ਕਰਨ ਦੀ ਸਲਾਹ ਦਿੱਤੀ ਹੈ।

ਕਾਬਿਲੇਗੌਰ ਹੈ ਕਿ ਬੁੱਧਵਾਰ ਨੂੰ ਕਿਹਾ ਗਿਆ ਸੀ ਕਿ 12 ਮਾਰਚ ਤੋਂ ਪੰਜਾਬ ਵਿੱਚ ਮੌਸਮ ਬਦਲਣ ਵਾਲਾ ਹੈ। ਮੌਸਮ ਵਿਭਾਗ ਨੇ 13 ਅਤੇ 14 ਮਾਰਚ ਨੂੰ ਮੀਂਹ ਲਈ ਪੀਲਾ ਅਲਰਟ ਜਾਰੀ ਕੀਤਾ ਹੈ। ਮੰਗਲਵਾਰ ਨੂੰ ਵੀ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਦਿਨ ਭਰ ਬੱਦਲਵਾਈ ਰਹੀ, ਜਿਸ ਕਾਰਨ ਤਾਪਮਾਨ ਵਿੱਚ ਥੋੜ੍ਹੀ ਜਿਹੀ



ਗਿਰਾਵਟ ਦਰਜ ਕੀਤੀ ਗਈ।

# ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਹਾਈ ਕੋਰਟ ਤੋਂ ਨਹੀਂ ਮਿਲੀ ਰਾਹਤ



ਨਵੀਂ ਦਿੱਲੀ (ਲੋਕ ਬਾਣੀ)- ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਹਾਈ ਕੋਰਟ ਤੋਂ ਰਾਹਤ ਨਹੀਂ ਮਿਲੀ ਹੈ। ਅਦਾਲਤ ਨੇ ਅੰਮ੍ਰਿਤਪਾਲ ਨੂੰ ਸੰਸਦ ਦੇ ਇਜਲਾਸ 'ਚ ਸ਼ਾਮਿਲ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਹੈ। ਹਾਲਾਂਕਿ ਅੰਮ੍ਰਿਤਪਾਲ ਦੀ ਮੈਂਬਰਸ਼ਿਪ ਰੱਦ ਨਹੀਂ ਹੋਵੇਗੀ। ਦੱਸ ਦੇਈਏ ਕਿ ਅੰਮ੍ਰਿਤਪਾਲ ਵਲੋਂ ਸੰਸਦ ਦੇ ਇਜਲਾਸ ਵਿਚ ਸ਼ਾਮਿਲ ਹੋਣ ਸੰਬੰਧੀ ਪਟੀਸ਼ਨ ਦਾਇਰ ਕੀਤੀ ਗਈ ਸੀ। ਇਸ ਦੇ ਨਾਲ ਹੀ ਹਾਈਕੋਰਟ ਨੇ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ ਹੈ।

# ਜ਼ਿਲ੍ਹਾ ਪ੍ਰਸ਼ਾਸਨ ਨੇ ਫਿਰ ਢਾਇਆ ਨਸ਼ਾ ਤਸਕਰ ਅਜੇ ਕੁਮਾਰ ਬਿੱਲੀ ਦਾ ਘਰ ,ਕਿਹਾ- ਗੈਰ ਕਾਨੂੰਨੀ ਕੰਮ ਕਰਨ ਵਾਲੇ ਬਖਸ਼ੇ ਨਹੀਂ ਜਾਣਗੇ

ਚੰਡੀਗੜ੍ਹ/ਅੰਮ੍ਰਿਤਸਰ (ਲੋਕ ਬਾਣੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੇ ਗਏ ਯੁੱਧ ਵਿੱਚ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਅੱਜ ਜਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਨੇ ਨਸ਼ਾ ਤਸਕਰ ਅਜੇ ਕੁਮਾਰ ਉਰਫ ਬਿੱਲੀ ਦਾ ਘਰ ਜੇ ਸੀ ਬੀ ਮਸ਼ੀਨ ਅਤੇ ਮਜ਼ਦੂਰ ਲਗਾ ਕੇ ਮਲੀਆਮੇਟ ਕਰ ਦਿੱਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪੁਲਿਸ ਕਮਿਸ਼ਨਰ ਸ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਦੇ ਖਿਲਾਫ ਵੱਖ ਵੱਖ ਥਾਣਿਆਂ ਵਿੱਚ ਪੰਜ ਮੁਕਦਮੇ ਦਰਜ ਹਨ, ਜਿਨਾਂ ਵਿੱਚੋਂ ਐਨਡੀਪੀਐਸ ਐਕਟ ਅਤੇ ਡਾਕੇ ਦਾ ਮੁਕਦਮਾ ਵੀ ਹੈ। ਉਹਨਾਂ ਕਿਹਾ ਕਿ ਇਸ ਉੱਤੇ ਲੱਗੀਆਂ ਇਹ ਧਰਾਵਾਂ ਅਤੇ ਇਸ ਦੀ ਕੇਸ ਹਿਸਟਰੀ ਤੋਂ ਸਪਸ਼ਟ ਹੈ ਕਿ ਇਹ ਨਸ਼ਾ ਤਸਕਰੀ ਦੇ ਧੰਦੇ ਵਿੱਚ ਲੰਮੇ ਸਮੇਂ ਤੋਂ ਸ਼ਾਮਿਲ ਹੈ। ਉਹਨਾਂ ਕਿਹਾ ਕਿ ਹੁਣ ਵੀ ਇਹ ਪੁਲਿਸ ਕੋਲੋਂ ਭਗੋੜਾ ਹੈ।

ਉਹਨਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੋ ਵੀ ਵਿਅਕਤੀ ਕਿਸੇ ਵੀ ਗੈਰ ਕਾਨੂੰਨੀ ਕਾਰਵਾਈ ਵਿੱਚ ਸ਼ਾਮਿਲ ਹੈ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖਿਲਾਫ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਇਹ ਕਾਰਵਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਗਲਤ ਕੰਮ ਕਰਨ ਵਾਲੇ ਲੋਕ ਮੁੱਖ ਧਾਰਾ ਵਿੱਚ ਆ ਨਹੀਂ ਜਾਂਦੇ ਜਾਂ ਉਹ ਪੰਜਾਬ ਛੱਡ ਕੇ ਪੰਜਾਬ ਤੋਂ ਬਾਹਰ ਚਲੇ ਨਹੀਂ ਜਾਂਦੇ। ਉਹਨਾਂ ਕਿਹਾ ਕਿ ਸਾਡੇ ਲਈ ਸਾਡੇ ਬੱਚੇ , ਸਾਡੀ ਜਵਾਨੀ ਨੂੰ ਸੰਭਾਲਣਾ ਬੇਹੱਦ ਜਰੂਰੀ ਹੈ , ਜੋ ਕਿ ਇਹਨਾਂ ਤਸਕਰਾਂ ਤੀਆਂ ਘਟੀਆ ਕਰਤੂਤਾਂ ਕਾਰਨ ਨਸ਼ੇ ਦੀ ਚੇਟਕ ਨਾਲ ਆਪਣਾ ਜੀਵਨ ਤਬਾਹ ਕਰ ਲੈਂਦੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਅਤੇ ਡੀਜੀਪੀ



ਸ੍ਰੀ ਗੌਰਵ ਯਾਦਵ ਵੱਲੋਂ ਇਸ ਬਾਬਤ ਬੜੀਆਂ ਸਪਸ਼ਟ ਹਦਾਇਤਾਂ ਹਨ ਕਿ ਜੋ ਵੀ ਵਿਅਕਤੀ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਿਲ ਹੈ, ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਡੀ ਸੀ ਪੀ ਆਲਮ ਵਿਜੇ ਸਿੰਘ, ਏਡੀਸੀਪੀ ਵਿਸ਼ਾਲਜੀਤ ਸਿੰਘ ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀ ਵੀ ਮੌਕੇ ਉੱਤੇ ਹਾਜ਼ਰ ਸਨ

# ਅੰਮ੍ਰਿਤਸਰ ਦੇ ਗੁਜਰਪੁਰਾ ਇਲਾਕੇ ਚ ਚੱਲਿਆ ਬੁਲਡੋਜ਼ਰ ਐਕਸ਼ਨ, ਨਸ਼ਾ ਤਸਕਰਾਂ ਦੇ ਵਿਰੁੱਧ ਪੁਲਿਸ ਦੀ ਸਖਤ ਕਾਰਵਾਈ



ਅੰਮ੍ਰਿਤਸਰ (ਲੋਕ ਬਾਣੀ):- ਪੰਜਾਬ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਣ ਵੱਲੋਂ ਪੰਜਾਬ ਪੁਲਿਸ ਨੂੰ ਸਖਤ ਨਿਰਦੇਸ਼ ਜਾਰੀ ਕੀਤੇ ਗਏ ਹਨ ਅਤੇ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਜਿਸ ਦੇ ਚਲਦੇ ਅੰਮ੍ਰਿਤਸਰ ਦੇ ਗੁਜਰਪੁਰਾ ਅੰਦਰ ਨਸ਼ਾ ਤਸਕਰ ਅਜੇ ਕੁਮਾਰ ਦੇ ਘਰ ਤੇ ਪੁਲਿਸ ਦਾ ਪੀਲਾ ਪੰਜਾ ਚੱਲਿਆ ਜਿੱਥੇ ਨਸ਼ਾ ਤਸਕਰ ਅਜੇ ਕੁਮਾਰ ਵੱਲੋਂ ਨਸ਼ਾ ਵੇਚ ਕੇ ਇਸ ਪ੍ਰੋਪਰਟੀ ਨੂੰ ਬਣਾਇਆ ਗਿਆ ਸੀ ਜਿਸ ਦੇ ਚਲਦੇ ਪੁਲਿਸ ਵੱਲੋਂ ਇਹ ਵੱਡੀ ਕਾਰਵਾਈ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਨਸ਼ੇ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਨਸ਼ਾ ਤਸਕਰ ਅਜੇ ਕੁਮਾਰ ਦੇ ਘਰ ਤੇ ਪੀਲਾ ਪੰਜਾ ਚੱਲਿਆ ਹੈ ਉਹਨਾਂ ਕਿਹਾ ਕਿ ਨਸ਼ਾ ਤਸਕਰ ਅਜੇ ਕੁਮਾਰ ਤੇ ਪਹਿਲਾਂ ਤੋਂ ਪੰਜ ਮਾਮਲੇ ਦਰਜ ਹਨ। ਅਤੇ ਇਹ ਪੁਲਿਸ ਨੂੰ ਲੁੜੀਂਦਾ ਵੀ ਹੈ ਉਹਨਾਂ ਨੇ ਦੱਸਿਆ ਕਿ ਅਜੇ ਕੁਮਾਰ ਉੱਪਰ ਲੁੱਟ ਦਾ ਵੀ ਮਾਮਲਾ ਦਰਜ ਹੈ ਉਹਨਾਂ ਨਸ਼ਾ ਤਸਕਰਾਂ ਨੂੰ ਸਿੱਧੀ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਕੋਈ ਵੀ ਨਸ਼ੇ ਦਾ ਕੰਮ ਕਰੇਗਾ ਤਾਂ ਪੁਲਿਸ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕਰੇਗੀ ਅਸੀਂ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕਰਦੇ ਹਾਂ ਕਿ ਪੰਜਾਬ ਦੇ ਨੌਜਵਾਨ ਨਸ਼ੇ ਤੋਂ ਦੂਰ ਰਹਿਣ।

# ਵਿਜੀਲੈਂਸ ਬਿਊਰੋ ਨੇ 15,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਵਸੀਕਾ ਨਵੀਸ ਨੂੰ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ(ਲੋਕ ਬਾਣੀ): - ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਦੌਰਾਨ ਵੀਰਵਾਰ ਨੂੰ ਜਲੰਧਰ ਜ਼ਿਲ੍ਹੇ ਦੇ ਸਬ-ਤਹਿਸੀਲ ਗੁਰਾਇਆ ਦੇ ਵਸੀਕਾ ਨਵੀਸ (ਡੀਡ ਰਾਈਟਰ) ਪਵਨ ਕੁਮਾਰ ਨੂੰ 15,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ।

ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਖੁਲਾਸਾ ਕੀਤਾ ਕਿ ਇਹ ਗ੍ਰਿਫ਼ਤਾਰੀ ਫਗਵਾੜਾ ਦੇ ਇੱਕ ਨਿਵਾਸੀ ਦੁਆਰਾ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਤੇ ਦਰਜ ਕੀਤੀ ਗਈ ਇੱਕ ਔਨਲਾਈਨ ਸ਼ਿਕਾਇਤ ਦੇ ਆਧਾਰ ਤੇ ਕੀਤੀ ਗਈ ਸੀ।

ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਨੇ ਤਹਿਸੀਲ ਫਿਲੌਰ ਵਿੱਚ ਸਬ-ਤਹਿਸੀਲ ਗੁਰਾਇਆ ਦੇ ਸੰਯੁਕਤ ਸਬ-ਰਜਿਸਟਰਾਰ ਅਤੇ ਗੁਰਾਇਆ ਵਿੱਚ ਸਬ-ਰਜਿਸਟਰਾਰ ਦੇ ਦਫ਼ਤਰ ਵਿੱਚ ਤਾਇਨਾਤ ਇੱਕ ਰਜਿਸਟਰੀ ਕਲਰਕ ਵੱਲੋਂ ਇੱਕ ਰਜਿਸਟਰੀ ਦਰਜ ਕਰਵਾਉਣ ਸਬੰਧੀ ਰਿਸ਼ਵਤ ਮੰਗੀ ਅਤੇ ਹਾਸਲ ਕੀਤੀ ਸੀ।



ਜਾਂਚ ਦੌਰਾਨ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲੱਗੇ ਦੋਸ਼ਾਂ ਨੂੰ ਸਹੀ ਪਾਇਆ ਜਿਸ ਕਾਰਨ ਮੁਲਜ਼ਮ ਵਸੀਕਾ ਨਵੀਸ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਜਲੰਧਰ ਰੇਂਜ ਥਾਣੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਸਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਕੇਸ ਦੀ ਅਗਲੇਰੀ ਜਾਂਚ ਦੌਰਾਨ ਸੰਯੁਕਤ ਸਬ-ਰਜਿਸਟਰਾਰ ਅਤੇ ਰਜਿਸਟਰੀ ਕਲਰਕ ਦੀਆਂ ਭੂਮਿਕਾਵਾਂ ਦੀ ਵੀ ਜਾਂਚ ਕੀਤੀ ਜਾਵੇਗੀ।

# 391 ਸਟਾਫ ਮੋਗਾ ਅਤੇ 17“6 ਸਾਂਝੇ ਅਪ੍ਰੇਸ਼ਨ ਦੌਰਾਨ ਇੱਕ ਬਦਮਾਸ਼ ਦਾ ਕੀਤਾ ਐਨਕਾਊਂਟਰ



,(ਲੋਕ ਬਾਣੀ): ਜਾਣਕਾਰੀ ਮੁਤਾਬਿਕ 391 ਸਟਾਫ ਮੋਗਾ ਅਤੇ AGTF ਸਾਂਝੇ ਅਪ੍ਰੇਸ਼ਨ ਦੌਰਾਨ ਘਰ ਦੇ ਅੰਦਰ ਜਾ ਕੇ ਕੀਤਾ ਬਦਮਾਸ਼ ਦਾ ਐਨਕਾਊਂਟਰ ਕੀਤਾ ਹੈ। ਬਦਮਾਸ਼ ਦੀ ਪਛਾਣ ਮਲਕੀਤ ਸਿੰਘ ਮੰਨੂ ਵੱਜੋਂ ਹੋਈ ਹੈ ਅਤੇ ਬਦਮਾਸ਼ ਦੇ ਕਰੌਸ ਫਾਇਰਿੰਗ ਵਿੱਚ ਗੋਲੀ ਲੱਗੀ ਹੈ। ਮੰਨੂ ਇਸ ਐਨਕਾਊਂਟਰ ਵਿੱਚ ਜ਼ਖਮੀ ਹੋਇਆ ਹੈ। ਜ਼ਿਕਰਯੋਗ ਹੈ ਕਿ ਇਹ ਬਦਮਾਸ਼ ਦਵਿੰਦਰ ਬਬੀਹਾ ਗਰੁੱਪ ਦਾ ਸ਼ੂਟਰ ਹੈ। ਮਲਕੀਤ ਸਿੰਘ ਮੰਨੂ ਤੇ ਪਹਿਲਾਂ ਤੋਂ ਵੀ ਕਈ ਸੰਗੀਨ ਮੁਕਦਮੇ

# ਪੰਜਾਬ ‘ਚ ਝੋਨੇ ਦੇ ਗ਼ੈਰ-ਪ੍ਰਮਾਣਿਤ ਬੀਜਾਂ ਦੀ ਵਿਕਰੀ ਅਤੇ ਖਰੀਦ ‘ਤੇ ਰੋਕ ਲਾਉਣ ਲਈ ਜਲਦ ਸ਼ੁਰੂ ਕੀਤਾ ਜਾਵੇਗਾ ਆਨਲਾਈਨ ਪੋਰਟਲ

ਚੰਡੀਗੜ੍ਹ, ,(ਲੋਕ ਬਾਣੀ): ਸੂਬੇ ਵਿੱਚ ਗੈਰ-ਪ੍ਰਮਾਣਿਤ ਬੀਜਾਂ ਦੀ ਵਿਕਰੀ ਅਤੇ ਖਰੀਦ ਤੇ ਮੁਕੰਮਲ ਰੋਕ ਲਾਉਣ ਲਈ ਫੈਸਲਾਕੁੰਨ ਕਾਰਵਾਈ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਝੋਨੇ ਦੇ ਬੀਜਾਂ ਦੀ ਟਰੈਕਿੰਗ ਅਤੇ ਟਰੇਸਿੰਗ ਲਈ ਖੇਤੀਬਾੜੀ ਵਿਭਾਗ ਨੂੰ ਇੱਕ ਮਹੀਨੇ ਦੇ ਅੰਦਰ ਆਨਲਾਈਨ ਪੋਰਟਲ ਵਿਕਸਤ ਕਰਨ ਦੇ ਨਿਰਦੇਸ਼ ਦਿੱਤੇ ਹਨ।

ਇਹ ਪੋਰਟਲ ਰਜਿਸਟਰਡ ਬੀਜ ਉਤਪਾਦਕਾਂ ਨੂੰ ਬੀਜਾਂ ਦੀ ਖਰੀਦ, ਵਿਕਰੀ ਅਤੇ ਮਿਕਦਾਰ ਸਮੇਤ ਝੋਨੇ ਦੇ ਬੀਜਾਂ ਨਾਲ ਸਬੰਧਤ ਹਰ ਲੈਣ-ਦੇਣ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਨਾ ਲਾਜ਼ਮੀ ਕਰੇਗਾ ਤਾਂ ਜੋ ਡਿਜੀਟਲ ਰਿਕਾਰਡ ਨੂੰ ਮੇਨਟੇਂਨ ਰੱਖਦਿਆਂ ਬੀਜ ਸਪਲਾਈ ਚੇਨ ‘ਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾ ਸਕੇ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਵਧੀਕ ਮੁੱਖ ਸਕੱਤਰ ਖੇਤੀਬਾੜੀ ਸ੍ਰੀ ਅਨੁਰਾਗ ਵਰਮਾ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਦੇ ਉਪ ਕੁਲਪਤੀ ਡਾ. ਸਤਬੀਰ ਸਿੰਘ ਗੋਸਲ ਨਾਲ ਅੱਜ ਇਥੇ ਆਪਣੇ ਦਫ਼ਤਰ ਵਿਖੇ ਸ਼ੈਲਰ ਮਾਲਕਾਂ, ਖੇਤੀਬਾੜੀ ਤੇ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਪੰਜਾਬ ਦੇ ਖੇਤੀਬਾੜੀ ਉਤਪਾਦਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਦਾ ਪ੍ਰਮਾਣ ਹੈ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੂਬੇ ਦੇ ਕਿਸਾਨਾਂ ਨੂੰ ਪੀ.ਏ.ਯੂ. ਦੁਆਰਾ ਸਿਫ਼ਾਰਸ਼ ਕੀਤੇ ਗਏ ਝੋਨੇ ਦੇ ਮਿਆਰੀ ਬੀਜਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਬੀਜ ਸਪਲਾਈ ਚੇਨ ਦੀ ਸਖ਼ਤ ਨਿਗਰਾਨੀ ਨੂੰ ਯਕੀਨੀ ਬਣਾਉਣ।

ਖੇਤੀਬਾੜੀ ਮੰਤਰੀ ਨੇ ਸਪੱਸ਼ਟ ਤੌਰ ਤੇ ਕਿਹਾ ਕਿ ਕਿਸੇ ਨੂੰ ਵੀ ਨਕਲੀ ਅਤੇ ਗੈਰ-ਪ੍ਰਮਾਣਿਤ ਝੋਨੇ ਦੇ ਬੀਜ, ਜਿਸ ਨਾਲ ਫ਼ਸਲ ਦੀ ਪੈਦਾਵਾਰ ਘੱਟ ਹੁੰਦੀ ਹੈ ਅਤੇ ਕਿਸਾਨਾਂ ਨੂੰ ਵਿੱਤੀ ਨੁਕਸਾਨ ਹੁੰਦਾ ਹੈ, ਵੇਚ ਕੇ ਸਾਡੇ ਕਿਸਾਨਾਂ ਦਾ ਸ਼ੋਸ਼ਣ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਗੈਰ-ਪ੍ਰਮਾਣਿਤ ਬੀਜਾਂ ਵਿੱਚ ਅਕਸਰ ਜੈਨੇਟਿਕ ਅਤੇ ਰੋਗ ਪ੍ਰਤੀਰੋਧਕ ਸ਼ਕਤੀ ਦੀ ਘਾਟ ਹੁੰਦੀ ਹੈ, ਜਿਸਦੇ ਨਤੀਜੇ ਵਜੋਂ ਫ਼ਸਲ ਦਾ ਵਿਕਾਸ ਰੁਕ ਜਾਂਦਾ ਹੈ, ਅਨਾਜ ਉਤਪਾਦਨ ਘੱਟ ਜਾਂਦਾ ਹੈ ਅਤੇ ਕੀੜਿਆਂ ਅਤੇ ਬਿਮਾਰੀਆਂ ਪ੍ਰਤੀ ਫ਼ਸਲ ਦੀ ਸੰਵੇਦਨਸ਼ੀਲਤਾ ਵਧ ਜਾਂਦੀ ਹੈ। ਇਸ ਤੋਂ ਇਲਾਵਾ ਇਹ ਝੋਨੇ ਤੋਂ ਚੌਲਾਂ ਦੀ ਮਿਲਿੰਗ ਸਮੇਂ ਸੂਬੇ ਦੇ ਸ਼ੈਲਰ ਉਦਯੋਗ ਲਈ ਵੀ ਸਮੱਸਿਆ ਪੈਦਾ ਕਰਦਾ ਹੈ। ਇਹ ਚੌਲਾਂ ਅਤੇ ਸਮੁੱਚੀ ਖੇਤੀ ਪੈਦਾਵਾਰ ਦੇ ਬਾਜ਼ਾਰੂ ਮੁੱਲ ਨੂੰ ਪ੍ਰਭਾਵਤ ਕਰਦਾ ਹੈ।



ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਨਵਾਂ ਆਨਲਾਈਨ ਪੋਰਟਲ ਇੱਕ ਵਧੇਰੇ ਪਾਰਦਰਸ਼ੀ ਅਤੇ ਜਵਾਬਦੇਹੀ ਬੀਜ ਸਪਲਾਈ ਚੇਨ ਤਿਆਰ ਕਰਦਿਆਂ ਪੰਜਾਬ ਦੀ ਖੇਤੀ ਲਈ ਇੱਕ ਵਧੇਰੇ ਟਿਕਾਊ ਅਤੇ ਖੁਸ਼ਹਾਲ ਭਵਿੱਖ ਵਿੱਚ ਯੋਗਦਾਨ ਦੇਵੇਗਾ। ਉਨ੍ਹਾਂ ਕਿਹਾ ਕਿ ਸੂਬੇ ਦਾ ਉਦੇਸ਼ ਗੈਰ-ਪ੍ਰਮਾਣਿਤ ਬੀਜਾਂ ਦੀ ਵਿਕਰੀ ਨੂੰ ਖਤਮ ਕਰਕੇ, ਫਸਲ ਦੀ ਪੈਦਾਵਾਰ ਵਿੱਚ ਸੁਧਾਰ ਕਰਨਾ, ਖੇਤੀਬਾੜੀ ਉਤਪਾਦਕਤਾ ਵਧਾਉਣਾ ਅਤੇ ਸਾਡੇ ਚੌਲਾਂ ਦੀ ਗੁਣਵੱਤਾ ਪ੍ਰਤੀ ਖਪਤਕਾਰਾਂ ਦੇ ਵਿਸ਼ਵਾਸ ਨੂੰ ਵਧਾਉਣਾ ਹੈ।

ਇਸ ਮੀਟਿੰਗ ਵਿੱਚ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਿਸ਼ੇਸ਼ ਸਕੱਤਰ ਖੇਤੀਬਾੜੀ ਸ਼੍ਰੀਮਤੀ ਬਲਦੀਪ ਕੌਰ, ਖੇਤੀਬਾੜੀ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਅਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ

*ਡੱਬੀ: ਪੀ.ਏ.ਯੂ. ਵੱਲੋਂ ਸਿਫ਼ਾਰਸ਼ ਕੀਤੀਆਂ ਝੋਨੇ ਦੀਆਂ ਕਿਸਮਾਂ*

ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਸੂਬੇ ਦੇ ਕਿਸਾਨਾਂ ਨੂੰ ਪੀ.ਏ.ਯੂ. ਲੁਧਿਆਣਾ ਵੱਲੋਂ ਸਿਫ਼ਾਰਸ਼ ਕੀਤੀਆਂ ਝੋਨੇ ਦੇ ਬੀਜ ਦੀਆਂ ਕਿਸਮਾਂ ਖਰੀਦਣ ਦੀ ਅਪੀਲ ਕਰਨ ਦੇ ਨਾਲ ਹੀ ਉਨ੍ਹਾਂ ਨੂੰ ਬੀਜਾਂ ਅਤੇ ਹੋਰ ਖੇਤੀ ਸਮੱਗਰੀ ਖ਼ਰੀਦਣ ਸਮੇਂ ਰਸੀਦ ਅਤੇ ਬਿੱਲ ਲੈਣ ਲਈ ਕਿਹਾ। ਉਨ੍ਹਾਂ ਕਿਹਾ ਕਿ ਪੀ.ਏ.ਯੂ. ਨੇ ਝੋਨੇ ਦੀਆਂ 11 ਕਿਸਮਾਂ ਦੀ ਸਿਫ਼ਾਰਸ਼ ਕੀਤੀ ਹੈ, ਜਿਨ੍ਹਾਂ ਵਿੱਚ ਪੀ.ਆਰ. 131, ਪੀ.ਆਰ. 130, ਪੀ.ਆਰ. 129, ਪੀ.ਆਰ. 128, ਐਚ.ਕੇ.ਆਰ. 47, ਪੀ.ਆਰ. 127, ਪੀ.ਆਰ. 126, ਪੀ.ਆਰ. 122, ਪੀ.ਆਰ.

# ਡੇਢ ਦਹਾਕੇ ਤੋਂ ਮਗਨਰੇਗਾ ਮੁਲਾਜ਼ਮ ਕੱਚੇ ! ਪੱਕੀ ਨੌਕਰੀ ਲਈ ਪ੍ਰਦਰਸ਼ਨ ਕਰਦਿਆਂ AAP ਸਰਕਾਰ ਨੂੰ ਯਾਦ ਕਰਵਾਏ ਚੋਣ ਵਾਅਦੇ

ਗੁਰਦਾਸਪੁਰ (ਲੋਕ ਬਾਣੀ):- ਪਿਛਲੇ 16 ਸਾਲਾਂ ਤੋਂ ਕੱਚੀ ਨੌਕਰੀ ਕਰ ਰਹੇ ਨਰੇਗਾ ਮੁਲਾਜਮਾਂ ਵੱਲੋਂ ਆਪਣੀਆਂ ਸੇਵਾਵਾਂ ਰੈਗੂਲਰ ਕਰਣ ਦੀ ਮੰਗ ਨੂੰ ਲੈ ਕੇ ਏਡੀਸੀ ਡਿਵੈਲਪਮੈਂਟ ਦੇ ਦਫਤਰ ਦੇ ਬਾਹਰ ਸਰਕਾਰ ਦੇ ਖਿਲਾਫ ਰੋਸ਼ ਪ੍ਰਦਰਸ਼ਨ ਕਰਦੇ ਹੋਏ ਜ਼ੋਰਦਾਰ ਨਾਰੇਬਾਜ਼ੀ ਕੀਤੀ ਗਈ ਅਤੇ ਆਪਣੀਆਂ ਹੱਕੀ ਮੰਗਾਂ ਨੂੰ ਪੂਰੀਆਂ ਕਰਨ ਲਈ ਇੱਕਜੁੱਟ ਹੋ ਕੇ ਆਵਾਜ਼ ਬੁਲੰਦ ਕੀਤੀ ਗਈ।




ਇਸ ਸੰਬੰਧੀ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਪ੍ਰਧਾਨ ਅਤੇ ਅਹੁਦੇਦਾਰਾਂ ਨੇ ਦੱਸਿਆ ਕਿ ਅੱਜ ਜਿੱਥੇ ਪੂਰੇ ਪੰਜਾਬ ਭਰ ਵਿੱਚ ਏ ਡੀਸੀ ਦਫਤਰਾਂ ਦੇ ਬਾਹਰ ਨਰੇਗਾ ਮੁਲਾਜ਼ਮ ਧਰਨਾ ਪ੍ਰਦਰਸ਼ਨ ਕਰ ਰਹੇ ਹਨ।

ਉੱਥੇ ਹੀ ਅੱਜ ਗੁਰਦਾਸਪੁਰ ਵਿੱਚ ਵੀ 119 ਦੇ ਕਰੀਬ ਨਰੇਗਾ ਮੁਲਾਜ਼ਮ ਜੋ ਪਿਛਲੇ 16 ਸਾਲਾਂ ਤੋਂ ਕੱਚੇ ਤੌਰ ਤੇ ਕੰਮ ਕਰ ਰਹੇ ਹਨ ਨੇ ਧਰਨਾ ਪ੍ਰਦਰਸ਼ਨ ਕੀਤਾ ਹੈ ਅਤੇ ਪੰਜਾਬ ਸਰਕਾਰ ਦੇ ਖਿਲਾਫ ਆਪਣਾ ਰੋਸ ਜਾਹਿਰ ਕੀਤਾ ਹੈ।

ਉਹਨਾਂ ਦੱਸਿਆ ਕਿ ਲਗਾਤਾਰ ਅਸੀਂ ਕੰਮ ਕਰ ਰਹੇ ਹਾਂ, ਸਾਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਭਰੋਸਾ ਵੀ ਦਿੱਤਾ ਗਿਆ ਸੀ ਕਿ ਤੁਹਾਨੂੰ ਸਰਕਾਰ ਬਣਦੇ ਹੀ ਪੱਕਾ ਕੀਤਾ ਜਾਵੇਗਾ, ਪਰ ਤਿੰਨ ਸਾਲ ਬੀਤ ਜਾਣ ਦੇ ਬਾਅਦ ਵੀ ਸਾਡੀ ਕੋਈ ਸੁਣਵਾਈ ਨਹੀਂ ਹੋਈ ਅਤੇ ਸੂਬਾ ਸਰਕਾਰ ਆਪਣੇ ਵਾਅਦਿਆਂ ਤੋਂ ਮੁਕਰਦੀ ਨਜ਼ਰ ਆ ਰਹੀ।

ਉਹਨਾਂ ਨੇ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਅਤੇ ਹੜਤਾਲ ਇਸੇ ਪ੍ਰਕਾਰ ਦੀ ਜਾਰੀ ਰਹੇਗੀ।

# ਜਥੇਦਾਰਾਂ ਦੀ ਨਿਯੁਕਤੀ ਅਤੇ ਹਟਾਉਣਾ ਸ਼੍ਰੋਮਣੀ ਕਮੇਟੀ ਬਾਦਲ ਪਰਿਵਾਰ ਦੇ ਇਸ਼ਾਰੇ ਤੇ ਕਰਦੀ ਹੈ, ਭਾਜਪਾ ਜਾਂ ਏਜੰਸੀਆਂ ਦੇ ਇਸ਼ਾਰੇ ਤੇ ਨਹੀਂ: ਹਰਜੀਤ ਸਿੰਘ ਗਰੇਵਾਲ



ਫ਼ਗਵਾੜਾ-ਚੰਡੀਗੜ੍ਹ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਕਮੇਟੀ ਵੱਲੋਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਨਿਯੁਕਤੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ ਭਾਜਪਾ ਅਤੇ ਕੇਂਦਰੀ ਏਜੰਸੀਆਂ ਤੇ ਲਗਾਏ ਜਾ ਰਹੇ ਦੋਸ਼ਾਂ ਸਬੰਧੀ ਸਵਾਲਾਂ ਦੇ ਜਵਾਬ ਦਿੰਦਿਆਂ ਭਾਜਪਾ ਦੇ ਕੌਮੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਤਖ਼ਤਾਂ ਦੇ ਜਥੇਦਾਰਾਂ ਦੀ ਨਿਯੁਕਤੀ ਜਾਂ ਹਟਾਉਣਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਦਲ ਪਰਿਵਾਰ ਦੇ ਇਸ਼ਾਰੇ ਤੇ ਕੀਤਾ ਜਾਂਦਾ ਹੈ, ਨਾ ਕਿ ਭਾਜਪਾ ਜਾਂ ਕੇਂਦਰੀ ਏਜੰਸੀਆਂ ਦੇ ਇਸ਼ਾਰੇ ਤੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬਾ) ਦੇ ਆਗੂ ਬਾਦਲ ਪਰਿਵਾਰ ਨੂੰ ਬਚਾਉਣ ਲਈ ਝੂਠ ਤੇ ਝੂਠ ਬੋਲ ਰਹੇ ਹਨ। ਜਦੋਂ ਕਿ ਇਸੇ ਬਾਦਲ ਪਰਿਵਾਰ ਨੇ ਖਾਲਸਾ ਪੰਥ, ਤਖ਼ਤਾਂ ਦੀ ਮਰਿਆਦਾ ਅਤੇ ਕੌਮ ਨੂੰ ਸ ਭ ਤੋਂ ਵੱਧ ਨੁਕਸਾਨ ਪਹੁੰਚਾਇਆ ਹੈ। ਗਰੇਵਾਲ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਨੂੰ ਬਚਾਉਣ ਲਈ ਸਾਹਿਬਜ਼ਾਦਿਆਂ ਸਮੇਤ ਆਪਣੇ ਸਮੁੱਚੇ ਪਰਿਵਾਰ ਦੀ ਸਹਾਦਤ ਦਿੱਤੀ। ਸ਼੍ਰੋਮਣੀ ਅਕਾਲੀ ਦਲ ਅਤੇ ਬਾਦਲ ਪਰਿਵਾਰ ਨੇ ਖਾਲਸਾ ਪੰਥ ਅਤੇ ਕੌਮ ਦਾ ਸਿਰਫ਼ ਅਤੇ ਸਿਰਫ਼ ਅਪਮਾਨ ਕੀਤਾ ਹੈ। ਜੇਕਰ ਕਿਸੇ ਨੇ ਅਕਾਲੀ ਦਲ ਨੂੰ ਨੁਕਸਾਨ ਪਹੁੰਚਾਇਆ ਹੈ ਤਾਂ ਉਹ ਸੁਖਬੀਰ ਬਾਦਲ ਹੈ। ਅਜਿਹੇ ਲੋਕਾਂ ਤੋਂ ਕੌਮ ਅਤੇ ਪੰਥ ਨੂੰ ਬਚਾਉਣ ਲਈ, ਕੌਮ ਨੇ ਹੁਣ ਇਹਨਾਂ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਹੈ, ਪਰ ਆਪਣੀ ਭਰੋਸੇਯੋਗਤਾ ਬਚਾਉਣ ਲਈ,ਇਹ ਲੋਕ ਆਪਣੇ ਮਾੜੇ ਕੰਮਾਂ ਦਾ ਦੋਸ਼ ਭਾਜਪਾ ਦੇ ਸਿਰ ਮੜ ਰਹੇ ਹਨ। ਭਾਜਪਾ ਵਿਰੁੱਧ ਬਿਆਨਬਾਜ਼ੀ ਕਰਨ ਵਾਲੇ ਆਗੂਆਂ ਦਾ ਸਿਰਫ਼ ਇੱਕ ਹੀ ਉਦੇਸ਼ ਹੈ ਅਤੇ ਉਹ ਹੈ ਬਾਦਲ ਪਰਿਵਾਰ ਨੂੰ ਬਚਾਉਣਾ। ਪਰ ਹੁਣ ਉਨ੍ਹਾਂ ਦੀ ਹਾਰ ਤੈਅ ਹੈ। ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਭਾਜਪਾ ਕਦੇ ਵੀ ਕਿਸੇ ਦੇ ਧਾਰਮਿਕ ਮਾਮਲਿਆਂ ਵਿੱਚ ਦਖਲ ਨਹੀਂ ਦਿੰਦੀ। ਭਾਜਪਾ ਅਤੇ ਸਰਕਾਰੀ ਏਜੰਸੀਆਂ ਵਿਰੁੱਧ ਜ਼ਹਿਰ ਉਗਲਣ ਵਾਲਿਆਂ ਨੂੰ ਪਤਾ ਲੱਗ ਗਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੁਣ ਪੰਜਾਬ ਵਿੱਚ ਆਪਣੇ ਆਖਰੀ ਸਾਹ ਗਿਣ ਰਿਹਾ ਹੈ। ਦਿੱਲੀ ਵਿੱਚ ਭਾਜਪਾ ਨੂੰ ਮਿਲੇ ਭਾਰੀ ਜਨਤਕ ਸਮਰਥਨ ਤੋਂ ਬਾਅਦ, ਪੰਜਾਬ ਵਿੱਚ ਆਪਣੀ ਭਰੋਸੇਯੋਗਤਾ ਗੁਆ ਚੁੱਕੀ ਵਿਰੋਧੀ ਧਿਰ ਹੁਣ ਭਾਜਪਾ ਤੋਂ ਡਰਨ ਲੱਗ ਪਈ ਹੈ, ਕਿਉਂਕਿ ਉਨ੍ਹਾਂ ਨੂੰ ਪਤਾ ਲੱਗ ਗਿਆ ਹੈ ਕਿ 2027 ਵਿੱਚ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨਾ ਤੈਅ ਹੈ।

# 16 ਮਾਰਚ 2025 ਨੂੰ ਪੁਸ਼ਪ ਹੋਲੀ ਮਿਲਨ ਸਮਾਰੋਹ ਮਨਾਇਆ ਜਾਵੇਗਾ: ਖੋਸਲਾ



ਲੁਧਿਆਣਾ (ਸੁਖਚੈਨ ਮਹਿਰਾ )ਯੂਨੀਵਰਸਲ ਪ੍ਰੈਸ ਕਲੱਬ (ਰਜਿ:) ਅਤੇ ਸਰਵਜਨ ਕਲਿਆਣ ਪਰਿਸ਼ਦ ਵੱਲੋਂ ਸਾਂਝਾ ਹੋਲੀ ਦਾ ਤਿਉਹਾਰ ਮਨਾਇਆ ਜਾਵੇਗਾ। ਡਾ. ਡੀ.ਪੀ. ਖੋਸਲਾ ਜੀ ਨੇ ਕਿਹਾ ਕਿ ਹੋਲੀ ਇੱਕ ਧਾਰਮਿਕ ਅਤੇ ਇਤਿਹਾਸਿਕ ਤਿਉਹਾਰ ਹੈ। ਹੋਲੀ ਅਨੇਕਾਂ ਰੰਗਾਂ ਦਾ ਇਕ ਵੱਖਰਾ ਰੂਪ ਹੁੰਦਾ ਹੈ। ਇਸ ਦਿਨ ਸਾਨੂੰ ਆਪਣੇ ਸਭ ਗਿਲੇ-ਸ਼ਿਕਵੇ ਛੱਡ ਕੇ ਪ੍ਰੇਮ ਅਤੇ ਸੌਹਰਦ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਜਿਵੇਂ ਪਾਣੀ ਵਿੱਚ ਰੰਗ ਪਾਉਣ ਨਾਲ ਪਾਣੀ ਆਪਣਾ ਰੰਗ ਬਦਲ ਲੈਂਦਾ ਹੈ, ਠੀਕ ਉਸੀ ਤਰ੍ਹਾਂ ਸਾਨੂੰ ਵੀ ਆਪਣੇ ਮਾੜੇ ਪ੍ਰਭਾਵ ਛੱਡਕੇ ਚੰਗੇ ਗੁਣ ਅਪਣਾਉਣੇ ਚਾਹੀਦੇ ਹਨ।

ਇਸ ਲਈ, ਅਸੀਂ ਸਭ ਨੇ 16 ਮਾਰਚ 2025 (ਐਤਵਾਰ), ਦੁਪਹਿਰ 3:30 ਵਜੇ, ਪੰਛੀ ਸੇਵਾ ਸੋਸਾਇਟੀ, ਰੱਖ ਬਾਗ, ਗੁਰੂ ਨਾਨਕ ਸਟੇਡੀਅਮ, ਸਿਵਲ ਲਾਈਨ, ਲੁਧਿਆਣਾ ਵਿਖੇ ਪੁਸ਼ਪ ਹੋਲੀ ਮਿਲਨ ਸਮਾਰੋਹ ਮਨਾਉਣ ਦਾ ਫੈਸਲਾ ਕੀਤਾ ਹੈ। ਇਸ ਸਮਾਰੋਹ ਦੌਰਾਨ ਹੋਲੀ ਦੇ ਤਿਉਹਾਰ ਉਤੇ ਫੁੱਲਾਂ ਅਤੇ ਰੰਗਾਂ ਦੀ ਬਰਸਾਤ ਕੀਤੀ ਜਾਵੇਗੀ।

ਡਾ. ਖੋਸਲਾ ਜੀ ਨੇ ਪਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਦੇ ਸਾਰੇ ਪੱਤਰਕਾਰਾਂ ਅਤੇ ਸਰਵਜਨ ਕਲਿਆਣ ਪਰਿਸ਼ਦ (ਰਜਿ:) ਦੇ ਸਭ ਮੈਂਬਰਾਂ ਨੂੰ ਹਾਰਦਿਕ ਨਿਮੰਤਰਣ ਦਿੱਤਾ ਹੈ ਕਿ ਤੁਸੀਂ ਆਪਣੇ ਪਰਿਵਾਰ ਸਮੇਤ ਸ਼ਾਮਲ ਹੋਵੋ ਅਤੇ ਇਸ ਰੰਗਾਂ ਦੇ ਤਿਉਹਾਰ ਨੂੰ ਧੂਮਧਾਮ ਨਾਲ ਮਨਾਓ।

# ਮੱਛੀ ਪਾਲਣ ਦੇ ਧੰਦੇ ਨੂੰ ਉਤਸ਼ਾਹਿਤ ਕਰਨ ਲਈ ਯੋਗ ਲਾਭਪਾਤਰੀਆਂ ਨੂੰ ਵਾਹਨਾਂ ਦੀ ਵੰਡ



ਫ਼ਗਵਾੜਾ-ਕਪੂਰਥਲਾ 13 ਮਾਰਚ (ਸੁਸ਼ੀਲ ਸ਼ਰਮਾ) ਮੱਛੀ ਪਾਲਣ ਦੇ ਧੰਦੇ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਅੱਜ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਵਲੋਂ ਪ੍ਰਧਾਨ ਮੰਤਰੀ ਮੁਤੱਸਯਾ ਸੰਪਦਾ ਯੋਜਨਾ ਅਧੀਨ ਦੋ ਲਾਭਪਾਤਰੀਆਂ ਨੂੰ ਆਪਣਾ ਨਵਾਂ ਰੋਜ਼ਗਾਰ ਸ਼ੁਰੂ ਕਰਨ ਲਈ 2 ਦੁਪਹੀਆ ਵਾਹਨ ਸਮੇਤ ਆਈਸ ਬੌਕਸ ਦਿੱਤੇ ਗਏ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਕੀਮ ਅਧੀਨ ਜਨਰਲ ਵਰਗ ਦੇ ਲਾਭਪਾਤਰੀਆਂ ਨੂੰ 40% ਅਤੇ ਔਰਤਾਂ/ ਐਸ. ਸੀ. ਵਰਗ ਨੂੰ 60% ਸਬਸਿਡੀ ਦੇਣ ਦੀ ਵਿਵਸਥਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਪਾਸ ਦੁਕਾਨ ਹੈ ਅਤੇ ਉਹ ਮੱਛੀ ਦਾ ਕੰਮ ਕਰਨਾਂ ਚਾਹੁੰਦਾ ਹੈ ਤਾਂ ਉਸ ਨੂੰ ਵੀ ਇਸ ਸਕੀਮ ਦਾ ਲਾਭ ਲੈ ਸਕਦਾ ਹੈ।

ਜ਼ਿਕਰਯੋਗ ਹੈ ਕਿ ਪ੍ਰਧਾਨ ਮੰਤਰੀ ਮਤੱਸਯਾ ਸੰਪਦਾ ਯੋਜਨਾ ਸਕੀਮ ਅਧੀਨ ਬੇਜ਼ਮੀਨੇ ਅਤੇ ਬੇਰੁਜ਼ਗਾਰ ਵਿਅਕਤੀਆਂ ਲਈ ਮੱਛੀ ਪਾਲਣ ਦੇ ਕਿੱਤੇ ਨੂੰ ਅਪਣਾਉਣ ਲਈ ਸਰਕਾਰ ਵੱਲੋਂ ਇੱਕ ਸੁਨਿਹਰੀ ਮੌਕਾ ਦਿੱਤਾ ਜਾ ਰਿਹਾ ਹੈ,ਜੋ ਵਿਅਕਤੀ ਮੱਛੀ ਪਾਲਣ ਦਾ ਜਾਂ ਦੁਕਾਨ ਤੇ ਮੱਛੀ ਵੇਚਣ ਦਾ ਕੰਮ ਕਰਨਾਚਾਹੁੰਦੇ ਹਨ, ਉਹ ਮੱਛੀ ਪਾਲਣ ਵਿਭਾਗ ਨਾਲ ਸੰਪਰਕ ਕਰਕੇ ਇਸ ਸਕੀਮ ਦਾ ਲਾਭ ਲੈ ਸਕਦੇ ਹਨ।

ਇਸ ਦੇ ਨਾਲ ਜੋ ਵਿਅਕਤੀ ਸ਼ੌਕੀਆਂ ਮੱਛੀ ਲਾਇਸੈਂਸ ਬਨਾਉਣਾ ਚਾਹੁੰਦੇ ਹਨ, ਉਹਨਾਂ ਲਈ ਸਰਕਾਰ ਵੱਲੋਂ ਸਾਲਾਨਾ ਫੀਸ ਪੰਜ ਹਜ਼ਾਰ ਰਪਏ ਤੋਂ ਘਟਾ ਕੇ ਇਕ ਹਜ਼ਾਰ ਰੁਪਏ ਕਰ ਦਿੱਤਾ ਗਿਆ ਹੈ।

# ਕਾਰਪੋਰੇਸ਼ਨ ਦੀ ਪਹਿਲੀ ਮੀਟਿੰਗ 'ਚ ਫਗਵਾੜਾ ਨੂੰ ਜਿਲ੍ਹਾ ਬਨਾਉਣ ਦਾ ਮਤਾ ਹੋਵੇ ਪਾਸ - ਖੁਰਾਣਾ, ਚੰਦੀ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਅਕਾਲੀ ਦਲ (ਬ) ਦੇ ਆਗੂਆਂ ਦਾ ਇਕ ਵਫਦ ਅੱਜ ਵਿਧਾਨਸਭਾ ਹਲਕਾ ਸ਼ਹਿਰੀ ਦੇ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਜਿੰਦਰ ਸਿੰਘ ਚੰਦੀ ਦੀ ਅਗਵਾਈ ਹੇਠ ਮੇਅਰ ਰਾਮਪਾਲ ਉੱਪਲ ਅਤੇ ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਨੂੰ ਮਿਲਿਆ। ਵਫਦ ਵਲੋਂ ਉਹਨਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਵਿਧਾਨਸਭਾ ਅਤੇ ਲੋਕਸਭਾ ਚੋਣਾਂ ਸਮੇਂ ਫਗਵਾੜਾ ਨੂੰ ਜਿਲ੍ਹੇ ਦਾ ਦਰਜਾ ਦੇਣ ਦੇ ਕੀਤੇ ਐਲਾਨ ਦੀ ਯਾਦ ਦੁਆਉਂਦੇ ਹੋਏ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਫਗਵਾੜਾ ਨੂੰ ਜਿਲ੍ਹੇ ਦਾ ਦਰਜਾ ਦੁਆਇਆ ਜਾਵੇ। ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਮੇਅਰ ਰਾਮਪਾਲ ਉੱਪਲ ਤੋਂ ਮੰਗ ਕੀਤੀ ਕਿ ਕਾਰਪੋਰੇਸ਼ਨ ਦੀ ਪਹਿਲੀ ਮੀਟਿੰਗ ਵਿਚ ਫਗਵਾੜਾ ਨੂੰ ਜਿਲ੍ਹੇ ਦਾ ਦਰਜਾ ਦੇਣ ਦਾ ਮਤਾ ਪਾਇਆ ਜਾਵੇ। ਖੁਰਾਣਾ ਨੇ ਕਿਹਾ ਕਿ ਫਗਵਾੜਾ ਦੇ ਲੋਕ ਬਹੁਤ ਦੇਰ ਤੋਂ ਜ਼ਿਲੇ ਦਾ ਦਰਜਾ ਦੇਣ ਦੀ ਮੰਗ ਕਰਦੇ ਆ ਰਹੇ ਹਨ। ਕਿਉਂਕਿ ਫਗਵਾੜਾ ਜ਼ਿਲ੍ਹਾ ਕਪੂਰਥਲਾ ਦੀ ਇਕ ਤਹਿਸੀਲ ਹੈ, ਜੋ ਕਿ ਕਿਸੇ ਵੀ ਪਾਸਿਉਂ ਕਪੂਰਥਲਾ ਦੀ ਹੱਦ ਨਾਲ ਜੁੜਿਆ ਨਹੀਂ ਹੈ। ਜ਼ਿਲ੍ਹੇ ਨਾਲ ਸਬੰਧਿਤ ਕੰਮਾਂ ਲਈ ਫਗਵਾੜਾ ਵਾਸੀਆਂ ਨੂੰ ਨਾ ਸਿਰਫ ਲੰਮਾ ਸਫਰ ਤੈਅ ਕਰਕੇ ਜਾਣਾ ਪੈਂਦਾ ਹੈ ਬਲਕਿ ਪੂਰਾ ਜਲੰਧਰ ਸ਼ਹਿਰ ਲੰਘ ਕੇ ਜਾਣਾ ਪੈਂਦਾ ਹੈ। ਸਿਵਲ ਪ੍ਰਸ਼ਾਸਨ ਜ਼ਿਲ੍ਹਾ ਅਦਾਲਤ, ਜ਼ਿਲ੍ਹਾ ਪੁਲਿਸ, ਜ਼ਿਲਾ ਖਜ਼ਾਨਾ ਦਫ਼ਤਰ, ਕੋ-ਅਪਰੇਟਿਵ ਬੈਂਕ, ਲੋਕ ਭਲਾਈ ਸਕੀਮਾਂ ਜਿਵੇ ਕਿ ਪੈਨਸ਼ਨਾਂ, ਵਿਦਿਆਰਥੀ ਵਜ਼ੀਫ਼ੇ ਆਦਿ ਨਾਲ ਸਬੰਧਿਤ ਕੰਮਾਂ ਲਈ ਸਮਾਜ ਦੇ ਲਗਭਗ ਹਰੇਕ ਵਰਗ ਨੂੰ ਆਪਣੇ ਮੌਜੂਦਾ ਜ਼ਿਲ੍ਹੇ ਤੱਕ ਪਹੁੰਚ ਕਰਨ ਲਈ ਆਪਣੇ ਸਮੇਂ ਅਤੇ ਪੈਸੇ ਦਾ ਇਕ ਵੱਡਾ ਹਿੱਸਾ ਖਰਚ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਵਿਕਾਸ ਦੇ ਪਹਿਲੂ ਤੋਂ ਸ਼ਹਿਰ ਫਗਵਾੜਾ ਪੰਜਾਬ ਦੇ ਕਿਸੇ ਵੀ ਸ਼ਹਿਰ ਨਾਲੋਂ ਘੱਟ ਨਹੀਂ ਹੈ। ਫਗਵਾੜਾ ਜਿੱਥੇ ਪੂਰੇ ਭਾਰਤ ਨੂੰ ਸੜ੍ਹਕੀ ਮਾਰਗ ਰਾਹੀਂ ਜੋੜਨ ਵਾਲੇ ਜੀ.ਟੀ ਰੋਡ ਉਪੱਰ ਸਥਿਤ ਹੈ, ਉੱਥੇ ਹੀ ਫਗਵਾੜਾ ਦਾ ਰੇਲਵੇ ਸਟੇਸ਼ਨ ਸ਼ਹਿਰ ਨੂੰ ਭਾਰਤ ਦੇ ਹਰ ਖੇਤਰ ਨਾਲ ਅਸਾਨੀ ਨਾਲ ਜੋੜਨ ਦਾ ਇਕ ਵੱਡਾ ਜ਼ਰੀਆ ਹੈ। ਤਕਰੀਬਨ ਸਾਰੀਆਂ ਹੀ ਮਹੱਤਵਪੂਰਨ ਰੇਲ ਗੱਡੀਆਂ ਦਾ ਠਹਿਰਾਅ ਫਗਵਾੜਾ ਜੰਕਸ਼ਨ ਵਿਖੇ ਹੁੰਦਾ ਹੈ। ਇਸ ਮੌਕੇ ਚੰਦੀ ਨੇ ਕਿਹਾ ਕੇ ਐਨ.ਆਰ.ਆਈਜ਼, ਦੀ ਇਕ ਵੱਡੀ ਗਿਣਤੀ ਫਗਵਾੜਾ ਸ਼ਹਿਰ ਅਤੇ ਆਸ-ਪਾਸ ਦੇ ਇਕ ਵੱਡੇ ਇਲਾਕੇ ਨਾਲ ਸਬੰਧਿਤ ਹੈ। ਜਿਹਨਾਂ ਨੂੰ ਵੀ ਜਿਲ੍ਹੇ ਨਾਲ ਸਬੰਧਤ ਕੰਮ ਕਰਵਾਉਣ ਲਈ ਕਾਫੀ ਖੱਜਲ ਖੁਆਰ ਹੋਣਾ ਪੈਂਦਾ ਹੈ। ਉਹਨਾਂ ਕਿਹਾ ਕਿ ਫਗਵਾੜਾ ਸ਼ਹਿਰ ਦੇ ਜ਼ਿਲਾ ਬਣਨ ਨਾਲ ਇਸ ਨਾਲ ਜੁੜੇ ਸਮਾਜ ਦੇ ਹਰੇਕ ਵਰਗ ਦੀ ਸਮੇਂ ਅਤੇ ਪੈਸੇ ਦੀ ਵੱਡਮੁੱਲੀ ਬਚੱਤ ਹੋਵੇਗੀ। ਫਗਵਾੜਾ ਦਾ ਚੌਤਰਫਾ ਵਿਕਾਸ ਹੋ ਸਕੇਗਾ। ਕਿਉਂਕਿ ਕੇਂਦਰ ਅਤੇ ਪੰਜਾਬ ਸਰਕਾਰ ਵਲੋਂ ਜ਼ਿਲਿਆਂ ਨੂੰ ਜੋ ਗ੍ਰਾਂਟਾਂ ਮਿਲਦੀਆਂ ਹਨ ਉਹ ਫਗਵਾੜਾ ਨੂੰ ਵੀ ਮਿਲ ਸਕਣਗੀਆਂ। ਇਸ ਮੌਕੇ ਖੁਰਾਣਾ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਵਲੋਂ ਪਹਿਲਾਂ ਇਸ ਸਬੰਧੀ ਐਸ.ਡੀ.ਐਮ ਫਗਵਾੜਾ ਨੂੰ ਵੀ ਮੰਗ ਪੱਤਰ ਦਿੱਤਾ ਗਿਆ ਸੀ। ਉਹਨਾਂ ਨੇ ਮੇਅਰ ਰਾਮਪਾਲ ਉੱਪਲ ਸਮੇਤ ਸਾਰੀਆਂ ਪਾਰਟੀਆ ਦੇ ਸਮੂਹ ਕੌਂਸਲਰਾਂ ਤੋਂ ਮੰਗ ਕੀਤੀ ਕਿ ਨਗਰ ਨਿਗਮ ਦੀ ਪਹਿਲੀ ਮੀਟਿੰਗ ਵਿਚ ਇਸ ਸਬੰਧੀ ਮਤਾ ਪਾ ਕੇ ਪੰਜਾਬ ਸਰਕਾਰ ਨੂੰ ਭੇਜਿਆ ਜਾਵੇ ਤਾਂ ਜੋ ਲੰਬੇ ਸਮੇਂ ਤੋਂ ਫਗਵਾੜਾ ਵਾਸੀਆਂ ਦੀ ਜ਼ਿਲਾ ਬਣਾਉਣ ਦੀ ਮੰਗ ਪੂਰੀ ਹੋ ਸਕੇ। ਇਸ ਮੌਕੇ ਪ੍ਰਿਤਪਾਲ ਸਿੰਘ ਮੰਗਾ ਕੌਸਲਰ, ਬੀਬੀ ਸਰਬਜੀਤ ਕੌਰ ਸਾਬਕਾ ਕੌਸਲਰ , ਹਰਵਿੰਦਰ ਸਿੰਘ ਵਾਲੀਆਂ, ਸਰੂਪ ਸਿੰਘ ਖਲਵਾੜਾ, ਕੁਲਵਿੰਦਰ ਸਿੰਘ ਕਿੰਦਾ ਸਾਬਕਾ ਕੌਸਲਰ, ਸਤਵਿੰਦਰ ਸਿੰਘ ਘੁਮਣ, ਬਹਾਦਰ ਸਿੰਘ ਸੰਗਤਪੁਰਾ, ਸੁਖਬੀਰ ਸਿੰਘ ਕਿੰਨੜਾ, ਕਮਲਜੀਤ ਕੌਰ ਕੌਸਲਰ, ਗੁਰਮੁਖ ਸਿੰਘ ਚਾਨਾ, ਪਰਮਿੰਦਰ ਸਿੰਘ ਜੰਡੂ, ਸਰਬਜੀਤ ਸਿੰਘ ਕਾਕਾ, ਹਰਜੋਤ ਸਿੰਘ ਪਾਹਵਾ , ਸੁਖਦੀਪ ਸਿੰਘ ਵਾਲੀਆਂ, ਜਸਵਿੰਦਰ ਸਿੰਘ ਭਗਤਪੁਰਾ, ਬਲਵੀਰ ਸਿੰਘ, ਰੋਹਿਤ ਪਾਲ, ਪ੍ਰਦੀਪ ਸਿੰਘ , ਵਿਸੂ, ਤੋ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਜੋਗਿੰਦਰ ਸਿੰਘ ਮਾਨ ਨੂੰ ਮਿਲਿਆ ਆਲ ਪੰਜਾਬ ਆਂਗਨਬਾੜੀ ਮੁਲਾਜਮ ਯੂਨੀਅਨ ਦਾ ਵਫਦ

ਫਗਵਾੜਾ 13 ਮਾਰਚ ( ਸੁਸ਼ੀਲ ਸ਼ਰਮਾ ) ਆਲ ਪੰਜਾਬ ਆਂਗਨਬਾੜੀ ਮੁਲਾਜਮ ਯੂਨੀਅਨ (ਰਜਿ.) ਦਾ ਇਕ ਵਫਦ ਬਲਾਕ ਪ੍ਰਧਾਨ ਬਿਮਲਾ ਦੇਵੀ ਦੀ ਅਗਵਾਈ ਹੇਠ ਆਮ ਆਦਮੀ ਫਗਵਾੜਾ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਨੂੰ ਮਿਲਿਆ ਅਤੇ ਇਕ ਮੰਗ ਪੱਤਰ ਦਿੰਦਿਆਂ ਪੰਜਾਬ ਸਰਕਾਰ ਤੋਂ ਮੰਗਾ ਪੂਰੀਆਂ ਕਰਵਾਉਣ ਦੀ ਮੰਗ ਕੀਤੀ। ਯੂਨੀਅਨ ਦੇ ਅਹੁਦੇਦਾਰਾਂ ਨੇ ਜੋਗਿੰਦਰ ਸਿੰਘ ਮਾਨ ਨੂੰ ਦੱਸਿਆ ਕਿ ਪੰਜਾਬ ਦੀਆਂ ਕਰੀਬ 54 ਹਜਾਰ ਆਂਗਨਬਾੜੀ ਵਰਕਰਾਂ ਤੇ ਹੈਲਪਰਾਂ ਨੂੰ ਪਿਛਲੇ ਤਿੰਨ ਮਹੀਨਿਆਂ ਤੋਂ ਸਟੇਟ ਸ਼ੇਅਰ ਦਾ ਮਾਣ-ਭੱਤਾ ਨਹੀਂ ਮਿਲਿਆ। ਜਿਸ ਕਰਕੇ ਵਰਕਰਾਂ ਤੇ ਹੈਲਪਰਾਂ ਵਿਚ ਭਾਰੀ ਨਿਰਾਸ਼ਾ ਹੈ। ਉਹਨਾਂ ਪੰਜਾਬ ਸਰਕਾਰ ਤੋਂ ਵਾਅਦੇ ਮੁਤਾਬਕ ਭੱਤਾ ਦੋਗੁਣਾ ਕਰਨ ਦੀ ਮੰਗ ਵੀ ਕੀਤੀ। ਉਹਨਾਂ ਕਿਹਾ ਕਿ ਨਾ ਤਾਂ ਮਹਿਕਮੇ ਦੇ ਮੰਤਰੀ ਇਸ ਪਾਸੇ ਧਿਆਨ ਦੇ ਰਹੇ ਹਨ ਤੇ ਨਾ ਹੀ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਭਾਗ ਦੇ



ਲੋਕ ਬਾਣੀ

ਉੱਚ ਅਧਿਕਾਰੀ ਉਹਨਾਂ ਦੀ ਗੱਲ ਸੁਣਦੇ ਹਨ। ਉਹਨਾਂ ਕਿਹਾ ਕਿ ਜੇਕਰ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਸੂਬਾ ਪੱਧਰੀ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਜੋਗਿੰਦਰ ਸਿੰਘ ਮਾਨ ਨੇ ਯੂਨੀਅਨ ਆਗੂਆਂ ਦੀ ਹਾਜਰੀ ਵਿਚ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਨੂੰ ਮੰਗਾਂ ਨਾਲ ਜਾਣੂ ਕਰਵਾਇਆ ਅਤੇ ਭਰੋਸਾ ਦਿੱਤਾ ਕਿ ਆਂਗਨਬਾੜੀ ਵਰਕਰਾਂ ਤੇ ਹੈਲਪਰਾਂ ਦਾ ਬਕਾਇਆ ਮਾਣ ਭੱਤਾ ਜਲਦੀ ਦੁਆਇਆ ਜਾਵੇਗਾ। ਇਸ ਮੌਕੇ ਯੂਨੀਅਨ ਦੀ ਜਨਰਲ ਸਕੱਤਰ ਮੀਨਾ ਕੁਮਾਰੀ, ਵਿੱਤ ਸਕੱਤਰ ਦਲਵਿੰਦਰ ਕੌਰ, ਜਗੀਰੋ, ਸੰਤੋਸ਼ ਰਾਣੀ, ਨਛੱਤਰ ਕੌਰ, ਰਣਜੀਤ ਕੌਰ, ਕਮਲਜੀਤ ਕੌਰ, ਸੋਨੀਆ ਰਾਣੀ, ਸ਼ਮਾ ਰਾਣੀ, ਸੀਤਾ, ਬਲਵੀਰ, ਪਰਮਜੀਤ ਕੌਰ, ਸ਼ੋਭਾ ਤੇ ਸੁਨੀਤਾ ਰਾਣੀ ਆਦਿ ਹਾਜਰ ਸਨ।

# ਵੱਖ-ਵੱਖ ਸਰਕਾਰੀ ਸੇਵਾਵਾਂ ਤੇ ਸਹੂਲਤਾਂ ਦੀ ਜਾਣਕਾਰੀ ਲਈ ਯੂਨੀਫਾਈਡ ਸਟੇਟ ਹੈਲਪਲਾਈਨ 1100 ਸ਼ੁਰੂ-ਡੀ.ਸੀ.



ਫ਼ਗਵਾੜਾ-ਕਪੂਰਥਲਾ 13 ਮਾਰਚ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਨੇ ਨਾਗਰਿਕਾਂ ਨੂੰ ਵੱਖ-ਵੱਖ ਸਰਕਾਰੀ ਸੇਵਾਵਾਂ ਅਤੇ ਸਹੂਲਤਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਅਤੇ ਸੁਝਾਵਾਂ ਨੂੰ ਸੁਣਨ ਲਈ ਯੂਨੀਫਾਈਡ ਸਟੇਟ ਹੈਲਪਲਾਈਨ 1100 ਸ਼ੁਰੂ ਕੀਤੀ ਹੈ। ਇਹ ਪਹਿਲਕਦਮੀ ਨਾਗਰਿਕਾਂ ਨੂੰ ਇੱਕ ਹੀ ਨੰਬਰਰਾਹੀਂਵੱਖ-ਵੱਖ ਵਿਭਾਗਾਂ ਨਾਲ ਜੁੜਨ ਦੀ ਸਹੂਲਤ ਪ੍ਰਦਾਨ ਕਰਦੀ ਹੈ, ਜਿਸ ਨਾਲ ਸਰਕਾਰੀ ਪ੍ਰਕਿਰਿਆਵਾਂ ਨੂੰ ਹੋਰ ਪਾਰਦਰਸ਼ੀ ਅ ਤੇ ਨਾਗਰਿਕ-ਅਨੁਕੂਲ ਬਣਾਇਆ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਦਿੱਤੀ।

ਲੋਕ ਬਾਣੀ

ਉਨ੍ਹਾਂ ਦੱਸਿਆ ਕਿ ਹੈਲਪਲਾਈਨ ਦਾ ਮੁੱਖ ਉਦੇਸ਼ ਯੂਨੀਫਾਈਡ ਸਟੇਟ ਹੈਲਪਲਾਈਨ 1100 ਨਾਗਰਿਕਾਂ ਨੂੰ ਗੈਰ-ਐਮਰਜੈਂਸੀ ਸੇਵਾਵਾਂ, ਜਿਵੇਂ ਕਿ ਸ਼ਿਕਾਇਤਾਂ ਦਰਜ ਕਰਨ, ਫੀਡਬੈਕ ਦੇਣ, ਬੇਨਤੀਆਂ ਪੇਸ਼ ਕਰਨ ਅਤੇ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਲਈ ਇਕ ਸਾਂਝਾ ਪਲੇਟਫਾਰਮ ਪ੍ਰਦਾਨ ਕਰਦੀ ਹੈ। ਇਹ ਹੈਲਪਲਾਈਨ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮੁੱਦਿਆਂ ਨੂੰ ਸੁਚਾਰੂ ਢੰਗ ਨਾਲ ਹੱਲ ਕਰਨ ਚ ਮਦਦ ਕਰਦੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਯਤਨ ਹੈ ਕਿ ਨਾਗਰਿਕਾਂ ਨੂੰ ਸਰਕਾਰੀ ਸੇਵਾਵਾਂ ਬਾਰੇ ਸਹੀ ਅਤੇ ਸਮੇਂ ਸਿਰ ਜਾਣਕਾਰੀ ਮਿਲ ਸਕੇ। ਯੂਨੀਫਾਈਡ ਸਟੇਟ ਹੈਲਪਲਾਈਨ 1100 ਇਸ ਦਿਸ਼ਾ ਚ ਇਕ ਮਹੱਤਵਪੂਰਨ ਕਦਮ ਹੈ, ਜੋ ਨਾਗਰਿਕਾਂ ਅਤੇ ਸਰਕਾਰ ਵਿਚਕਾਰ ਸੰਵਾਦ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਇਸ ਸੇਵਾ ਦਾ ਲਾਭ ਉਠਾਉਣ ਅਤੇ ਆਪਣੇ ਸੁਝਾਅ ਅਤੇ ਸ਼ਿਕਾਇਤਾਂ ਸਾਂਝੀਆਂ ਕਰਨ ਲਈ ਪ੍ਰੋਤਸ਼ਾਹਿਤ ਕੀਤਾ ਜਾਂਦਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰੀ ਸੇਵਾਵਾਂ ਬਾਰੇ ਜਾਣਕਾਰੀ ਲਈ 1100 ਨੰਬਰ ਤੇ ਕਾਲ ਕਰਨ।

# ਸ੍ਰਿਸ਼ਟੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਾਇਆ

ਲੁਧਿਆਣਾ( ਸੁਖਚੈਨ ਮਹਿਰਾ)ਸ੍ਰਿਸ਼ਟੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 788ਵਾਂ ਮਹਾਨ ਖ਼ੂਨਦਾਨ ਕੈਂਪ ਗੁਰਮਿਤ ਸੇਵਾ ਲਹਿਰ ਦੇ ਸੇਵਾਦਾਰ ਮਨਮੋਹਨ ਸਿੰਘ ਘੋਲੀਆਂ ਖ਼ੁਰਦ ਅਤੇ ਸਾਥੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਆਨੰਦ ਭਵਨ ਘੋਲੀਆਂ ਖ਼ੁਰਦ, ਮੋਗਾ ਵਿਖੇ ਲਗਾਇਆ ਗਿਆ।ਇਸ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਸਮੇਂ ਸਿੱਖ ਪ੍ਰਚਾਰਕ ਭਾਈ ਪੰਥਪ੍ਰੀਤ ਸਿੰਘ ਮੁੱਖ ਸੇਵਾਦਾਰ ਗੁਰਮਿਤ ਸੇਵਾ ਲਹਿਰ ਨੇ ਕਿਹਾ ਦੁਨੀਆਂ ਦੇ ਇਤਿਹਾਸ ਵਿਚੋ ਕੋਈ ਇਸ ਤਰਾਂ ਦੀ ਮਿਸਾਲ ਨਹੀਂ ਮਿਲਦੀ ਕਿ ਕਿਸੇ ਧਰਮ ਦੇ ਪੈਗੰਬਰ ਨੇ ਕਿਸੇ ਹੋਰ ਧਰਮ ਦੀ ਰਾਖੀ ਲਈ ਮਨੁਖਤਾ ਦੇ ਭਲੇ ਲਈ ਸ਼ਹਾਦਤ ਦਿੱਤੀ ਹੋਵੇ ਅਤੇ ਸੰਸਾਰ ਦਾ ਸਭ ਤੋਂ ਵੱਡਾ ਅਨੋਖਾ ਖ਼ੂਨਦਾਨ ਕੈਂਪ ਚਾਂਦਨੀ ਚੌਂਕ ਦਿੱਲੀ ਵਿੱਚ ਲਗਿਆਂ ਜਿਥੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣਾ ਸ਼ਹਾਦਤ (ਖ਼ੂਨ) ਦੇ ਕੇ ਭਾਰਤ ਦੇ ਸਾਰੇ ਧਰਮਾਂ ਦੀ ਰਖਿਆ ਕੀਤੀ। ਇਸ ਸਮੇਂ ਭਾਈ ਪੰਥਪ੍ਰੀਤ





ਲੋਕ ਬਾਣੀ

ਸਿੰਘ ਨੇ ਖ਼ੂਨਦਾਨ ਕਰਨ ਵਾਲੇ ਦਾਨੀਆ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ 70 ਬਲੱਡ ਯੂਨਿਟ ਛਾਬੜਾ ਹਸਤਪਾਲ ਦੇ ਨਿੱਘੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਤੇ ਦਰਸ਼ਨ ਸਿੰਘ ਘੋਲੀਆਂ ਹੌਦ ਚਿਲੜ, ਬਲਦੇਵ ਸਿੰਘ ਸੰਧੂ, ਬਲਤੇਜ ਸਿੰਘ ਖਾਲਸਾ, ਅਜਮੇਰ ਸਿੰਘ ਖਾਲਸਾ, ਅੰਮ੍ਰਿਤਪਾਲ ਸਿੰਘ ਖਾਲਸਾ, ਜੁਗਰਾਜ ਸਿੰਘ ਖਾਲਸਾ, ਜਸਵਿੰਦਰ ਖਾਲਸਾ, ਗੁਰਪ੍ਰੀਤ ਸਿੰਘ ਗੋਪੀ,ਨਿਰਭੈ ਸਿੰਘ ਜਸੀ ਫੋਟੋ ਸਟੂਡੀਓ,ਜਗਸੀਰ ਸਿੰਘ ਖਾਲਸਾ ਹਾਜ਼ਰ ਸਨ

# ਪਿੰਡ ਖੁਰਮਪੁਰ ਦੀਆਂ ਸੰਗਤਾਂ ਨੇ ਹੋਲਾ ਮਹੱਲ ਦੀ ਸੰਗਤ ਲਈ ਲਾਇਆ ਗੰਨੇ ਦੇ ਰਸ ਦਾ ਲੰਗਰ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੇ ਹੁਸ਼ਿਆਰਪੁਰ ਰੋਡ ਸਥਿਤ ਪਿੰਡ ਖੁਰਮਪੁਰ ਦੀਆਂ ਸੰਗਤਾਂ ਵਲੋਂ ਸਰਪੰਚ ਸਰਬਜੀਤ ਸਾਬੀ ਦੀ ਅਗਵਾਈ ਹੇਠ ਹੋਲਾ ਮਹੱਲਾ ਸਮਾਗਮ 'ਚ ਸ਼ਾਮਲ ਹੋਣ ਲਈ ਸ਼੍ਰੀ ਆਨੰਦਪੁਰ ਸਾਹਿਬ ਜਾਣ ਵਾਲੀਆਂ ਸੰਗਤਾਂ ਲਈ ਗੰਨੇ ਦੇ ਰਸ ਦਾ ਲੰਗਰ ਪਿੰਡ ਦੇ ਗੇਟ 'ਤੇ ਲਗਾਇਆ ਗਿਆ। ਜਿਸ ਦੀ ਆਰੰਭਤਾ ਪਿੰਡ ਖੁਰਮਪੁਰ ਦੇ ਹੀ ਜੰਮਪਲ ਅਤੇ ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਨੇ ਕਰਵਾਈ। ਉਹਨਾਂ ਸਮੂਹ ਸੰਗਤਾਂ ਨੂੰ ਹੋਲਾ ਮਹੱਲਾ ਦੀ ਵਧਾਈ ਦਿੱਤੀ ਅਤੇ ਵਾਹਿਗੁਰੂ ਦੇ ਚਰਨਾਂ ਵਿਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਰਣਜੋਧ ਸਿੰਘ, ਪਵਿੱਤਰ ਸਿੰਘ ਪੰਚ, ਸੁੱਚਾ ਸਿੰਘ, ਅਜੀਤ ਸਿੰਘ, ਜਰਨੈਲ ਸਿੰਘ ਬਡਵਾਲ, ਹਰਪ੍ਰੀਤ ਹੈੱਪੀ ਤੇ ਸਚਿਨ ਆਦਿ ਵੀ ਹਾਜਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਜ਼ਿਲ੍ਹਾ ਕਪੂਰਥਲਾ ਚ ਸਰਬ ਉੱਤਮ ਰਿਹਾ ਬਲਾਕ ਫਗਵਾੜਾ ਦਾ ਸਰਕਾਰੀ ਹਾਈ ਸਕੂਲ ਪੰਡੋਰੀ

ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਵਲੋਂ ਐਲਾਨੇ ਗਏ ਵੱਖ-ਵੱਖ ਸ਼੍ਰੇਣੀ ਦੇ ਜ਼ਿਲ੍ਹਾਂ ਵਾਰ ਸਰਬ ਉੱਤਮ ਸਕੂਲਾਂ ਦੀ ਹਾਈ ਸਕੂਲ ਸੂਚੀ ਵਿੱਚ ਬਲਾਕ ਫਗਵਾੜਾ ਦਾ ਸਰਕਾਰੀ ਹਾਈ ਸਕੂਲ਼ ਪਿੰਡ ਪੰਡੋਰੀ ਪਹਿਲੇ ਸਥਾਨ ਤੇ ਰਿਹਾ ਹੈ। ਸਰਕਾਰੀ ਹਾਈ ਸਕੂਲ ਪੰਡੋਰੀ ਨੂੰ ਸਿਖਿਆ ਦੇ ਖੇਤਰ ਵਿਚ ਸ਼ਾਨਦਾਰ ਪ੍ਰਦਰਸ਼ਨ ਲਈ ਬੈਸਟ ਸਕੂਲ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਚੰਡੀਗੜ੍ਹ ਵਿਖੇ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਕੂਲ ਮੁਖੀ ਲਖਵਿੰਦਰ ਪ੍ਰੀਤ ਕੌਰ ਨੂੰ ਬੈਸਟ ਸਕੂਲ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੀ ਇਸ ਪ੍ਰਾਪਤੀ ਦੀ ਖੁਸ਼ੀ ਵਿੱਚ ਇੱਕ ਸਮਾਗਮ ਦਾ ਆਯੋਜਨ ਸਕੂਲ ਇੰਚਾਰਜ ਲਖਵਿੰਦਰ ਪ੍ਰੀਤ ਕੌਰ ਦੀ ਅਗਵਾਈ ਹੇਠ ਹੋਇਆ। ਜਿਸ ਵਿਚ ਬਲਾਕ ਨੋਡਲ ਅਫਸਰ ਪ੍ਰਿੰਸੀਪਲ ਸ਼੍ਰੀਮਤੀ ਮੀਨੂੰ ਗੁਪਤਾ ਅਤੇ ਰਿਟਾ. ਹੈੱਡ ਮਾਸਟਰ ਸੀ: ਯਾਦਵਿੰਦਰ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਉਹਨਾਂ ਨੇ ਸਮੂਹ ਸਕੂਲ ਸਟਾਫ ਅਤੇ ਐਸ.ਐਮ. ਸੀ. ਕਮੇਟੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਸਾਰਿਆਂ ਦੇ ਸਾਂਝੇ ਉਪਰਾਲੇ ਦਾ ਨਤੀਜਾ ਹੈ। ਸਕੂਲ ਦੀ ਇਸ ਪ੍ਰਾਪਤੀ ਨੂੰ ਲੈ ਕੇ ਪਿੰਡ ਵਾਸੀਆਂ, ਵਿਦਿਆਰਥੀਆਂ ਅਤੇ ਮਾਪਿਆਂ ਚ ਵੀ ਖੁਸ਼ੀ ਦੀ ਲਹਿਰ ਹੈ। ਸਕੂਲ ਇੰਚਾਰਜ ਲਖਵਿੰਦਰ ਪ੍ਰੀਤ ਕੌਰ ਨੇ ਦੱਸਿਆ ਕਿ ਸਕੂਲ ਦੇ ਸੁੰਦਰੀਕਰਨ ਵਿੱਚ ਪੰਜਾਬ ਸਰਕਾਰ ਤੋਂ ਇਲਾਵਾ ਇਲਾਕੇ ਦੇ ਦਾਨੀ ਸੱਜਣਾਂ ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ। ਸਮੁੱਚਾ ਸਕੂਲ ਸਟਾਫ ਪੂਰੀ ਮਿਹਨਤ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਦਾ ਮਿਆਰ ਬਿਹਤਰ ਬਣਾਉਣ ਤੇ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਵਿਚ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ। ਸਕੂਲ ਪ੍ਰਬੰਧਕ ਕਮੇਟੀ ਵਲੋਂ ਹਰ ਤਰ੍ਹਾਂ ਦਾ ਸਹਿਯੋਗ ਪ੍ਰਾਪਤ ਹੁੰਦਾ ਹੈ। ਬੱਚਿਆਂ ਨੂੰ ਅਜੋਕੇ ਸਮੇਂ ਦੇ ਹਾਣੀ ਬਣਾਉਂਣ ਲਈ ਆਧੁਨਿਕ ਤਕਨੀਕਾਂ ਨਾਲ ਪੜ੍ਹਾਈ ਕਰਵਾਈ ਜਾ ਰਹੀ ਹੈ। ਇਸ ਮੌਕੇ ਪੰਡੋਰੀ ਦੇ ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਅਤੇ ਢੱਕ ਪੰਡੋਰੀ ਦੇ ਸਰਪੰਚ ਵਿਜੇ ਕੁਮਾਰ ਨੇ ਵੀ ਸਮੂਹ ਸਕੂਲ ਸਟਾਫ,ਐਸ. ਐਮ.ਸੀ.ਕਮੇਟੀ, ਵਿੱਦਿਆਰਥੀਆਂ ਅਤੇ ਮਾਂਪਿਆਂ ਨੂੰ ਇਸ ਪ੍ਰਾਪਤੀ ਲਈ ਆਪਣੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਉਹਨਾਂ ਨੇ ਇਲਾਕੇ ਦੇ ਵਸਨੀਕਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਆਪਣੇਂ ਬੱਚਿਆਂ ਨੂੰ ਸਕੂਲ ਆਫ ਐਮੀਨੈਂਸ ਅਤੇ ਸਮਾਰਟ ਸਕੂਲਾਂ ਵਜੋਂ ਵਿਕਸਿਤ ਹੋ ਰਹੇ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਣ ਤਾਂ ਜੋ ਉਹਨਾਂ ਦੇ ਬੱਚਿਆਂ ਦੀ ਪੜ੍ਹਾਈ ਤੇ ਹੋਣ ਵਾਲੇ ਖ਼ਰਚੇ ਦੀ ਬੱਚਤ ਅਤੇ ਸਰਕਾਰੀ ਸਹੂਲਤਾਂ ਦਾ ਲਾਭ ਪ੍ਰਾਪਤ ਹੋ ਸਕੇ। ਅਖੀਰ ਵਿਚ ਸਾਇੰਸ ਮਾਸਟਰ ਕਮਲ ਗੁਪਤਾ ਨੇ ਪਤਵੰਤਿਆਂ ਦਾ ਪਹੁੰਚਣ ਲਈ ਧੰਨਵਾਦ ਕੀਤਾ ਅਤੇ ਵਿਸ਼ਵਾਸ਼ ਦੁਆਇਆ ਕਿ ਸਕੂਲ ਦੀ ਬਿਹਤਰੀ ਲਈ ਸਟਾਫ ਵਲੋਂ ਹੋਰ ਉਪਰਾਲੇ ਵੀ ਕੀਤੇ ਜਾਣਗੇ। ਇਸ ਮੌਕੇ ਮੈਡਮ ਅਨੀਤਾ ਰਾਣੀ,ਨਵਨੀਤ ਕੌਰ,ਸੋਨਿਕਾ ਰਾਣੀ,ਸੋਨੀਆ,ਦੀਪਾਵਲੀ,ਪ੍ਰੀਤੀ, ਗੁਰਮੀਤ ਚੰਦ,ਅਰਸ਼ਦੀਪ ਸਿੰਘ,ਪੁਨੀਤ ਕਵੰਲ ਕੌਰ,ਹਰਵਿੰਦਰ ਕੌਰ,ਸੁਖਵਿੰਦਰ ਕੌਰ,ਸਤਿਨਾਮ,ਤਰਸੇਮ ਲਾਲ ਬਲਾਲੋਂ,ਬਲਜੀਤ ਕੌਰ ਫਤਿਹਗੜ੍ਹ,ਗਗਨਦੀਪ ਸਿੰਘ,ਗੁਰਪ੍ਰੀਤਮ ਤੋਂ ਇਲਾਵਾ ਵਿਦਿਆਰਥੀ ਹਾਜਰ ਸਨ।




# ਐੱਸ.ਐੱਸ.ਐਮ.ਕਾਲਜ ਦੀਨਾਨਗਰ ਦੀ ਨਿਤਿਕਾ ਨੇ ਯੂਨੀਵਰਸਿਟੀ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ





ਦੀਨਾਨਗਰ, (ਡਾ.ਰਮੇਸ਼ ਸਰੰਗਲ ):-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਐਸ.ਐਸ.ਐਮ ਕਾਲਜ, ਦੀਨਾਨਗਰ ਦੇ ਬੀ. ਟੀ.ਐਚ . ਐੱਮ. (ਪੰਜਵਾਂ ਸਮੈਸਟਰ) ਦਾ ਨਤੀਜਾ 100 ਫੀਸਦੀ ਰਿਹਾ। ਪ੍ਰਿੰ. ਡਾ: ਆਰ. ਕੇ . ਤੁਲੀ ਜੀ ਨੇ ਦੱਸਿਆ ਕਿ ਕਾਲਜ ਦੀ ਵਿਦਿਆਰਥਣ ਨੀਤਿਕਾ 81.2 ਫੀਸਦੀ ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਪਹਿਲੇ ਸਥਾਨ 'ਤੇ ਰਹੀ ਜਦਕਿ ਮਨਪ੍ਰੀਤ ਸਿੰਘ ਨੇ 74.6 ਫੀਸਦੀ ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਦੂਜਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂ ਰੌਸ਼ਨ ਕੀਤਾ ਹੈ। ਚੰਗੇ ਨਤੀਜਿਆਂ ਲਈ ਪ੍ਰਿੰਸੀਪਲ ਸਾਹਿਬ ਨੇ ਵਿਭਾਗ ਦੇ ਅਧਿਆਪਕਾਂ ਪ੍ਰੋ. ਸਰਬਜੀਤ ਸਿੰਘ, ਪ੍ਰੋ. ਸੰਦੀਪ, ਲੈਬ ਇੰਸਟ੍ਰਕਟਰ ਪਾਰਸ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਪ੍ਰਗਟਾਈਆਂ।

# ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਰਚਨਾਵਾਂ ਨੂੰ ਕਿਤਾਬੀ ਰੂਪ ਦੇਣ ਦੇ ਨਾਲ ਨਾਲ ਬੱਚਿਆਂ ਲਈ ਆਨਲਾਈਨ ਟ੍ਰੇਨਿੰਗ ਪ੍ਰੋਗਰਾਮ ਸ਼ੁਰੂ ਕੀਤਾ ਗਿਆ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸੁੱਖੀ ਬਾਠ ਜੀ ਵੱਲੋਂ ਸ਼ੁਰੂ ਕੀਤਾ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਹਰ ਦਿਨ ਨਵੀਆਂ ਉਡਾਣਾਂ ਭਰ ਰਿਹਾ ਹੈ। ਬੱਚਿਆਂ ਦੀਆਂ ਰਚਨਾਵਾਂ ਨੂੰ ਕਿਤਾਬੀ ਰੂਪ ਦੇਣ ਦੇ ਨਾਲ-ਨਾਲ ਕੱਲ ਸ਼ਾਮ ਨੂੰ ਬੱਚਿਆਂ ਦੀ ਲਿਖਣ ਕਲਾ ਨੂੰ ਹੋਰ ਨਿਖਾਰਨ ਵਾਸਤੇ ਆਨਲਾਈਨ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਬੱਚਿਆਂ ਨੂੰ ਟ੍ਰੇਨਿੰਗ ਦੇਣ ਲਈ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪ੍ਰਸਿੱਧ ਬਾਲ ਸਹਿਤਕਾਰ ਬਲਜਿੰਦਰ ਮਾਨ ਜੀ ਅਤੇ ਕਹਾਣੀਕਾਰ ਮਲਕੀਤ ਸਿੰਘ ਬਿਲਿੰਗ ਜੀ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਅਤੇ ਬੱਚਿਆਂ ਨੂੰ ਲਿਖਣ ਦੀਆਂ ਬਰੀਕੀਆਂ ਬਾਰੇ ਵਿਸਥਾਰ ਵਿੱਚ ਸਮਝਾਇਆ।ਭੀਮ ਸਿੰਘ ਆਨ ਲਾਈਨ ਟ੍ਰੇਨਿੰਗ ਇੰਚਾਰਜ ਵੱਲੋਂ ਬੱਚਿਆਂ ਨੂੰ ਵਾਰੀ ਵਾਰੀ ਬੁਲਾ ਕੇ ਉਹਨਾਂ ਦੀਆਂ ਰਚਨਾਵਾਂ ਵੀ ਸੁਣੀਆਂ ਗਈਆਂ ਅਤੇ ਮੰਚ ਸੰਚਾਲਣ ਦੀ ਭੂਮਿਕਾ ਨਿਭਾਈ ਗਈ। ਇਸ ਮੀਟਿੰਗ ਵਿੱਚ ਪੰਜਾਬ ਦੇ ਵੱਖੋ ਵੱਖਰੇ ਜ਼ਿਲੇ ਅਤੇ ਭਾਰਤ ਦੇ ਦੂਜੇ ਰਾਜਾਂ ਤੋਂ ਵੀ ਬੱਚਿਆਂ ਨੇ ਸ਼ਮੂਲੀਅਤ ਕੀਤੀ ਅਤੇ ਨਾਲ ਉਹਨਾਂ ਦੇ ਟੀਮ ਮੈਂਬਰ ਅਤੇ ਗਾਈਡ ਅਧਿਆਪਕਾਂ ਨੇ ਵੀ ਬੱਚਿਆਂ ਦੀਆਂ ਰਚਨਾਵਾਂ ਦਾ ਭਰਪੂਰ ਆਨੰਦ ਉਠਾਇਆ। ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ, ਸੀਨੀਅਰ ਸਹਿ ਪ੍ਰੋਜੈਕਟ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ,ਪ੍ਰੋਜੈਕਟ ਜਨਰਲ ਸਕੱਤਰ ਗੁਰਵਿੰਦਰ ਸਿੰਘ ਸਿੱਧੂ ਵੱਲੋਂ ਸਾਂਝੇ ਤੌਰ ਤੇ ਸਾਰਿਆਂ ਦਾ ਧੰਨਵਾਦ ਕੀਤਾ ਗਿਆ ਅਤੇ ਪ੍ਰੋਗਰਾਮ ਦੇ ਅਖੀਰ ਵਿੱਚ ਸ੍ਰੀ ਸੁੱਖੀ ਬਾਠ ਜੀ ਵੱਲੋਂ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਭੀਮ ਸਿੰਘ ਦਾ ਇਸ ਉੱਦਮ ਲਈ ਪ੍ਰਸ਼ੰਸਾ ਕਰਦੇ ਹੋਏ ਅੱਗੇ ਵੀ ਇਹੋ ਜਿਹੇ ਉਪਰਾਲੇ ਜਾਰੀ ਰੱਖਣ ਦਾ ਵਾਅਦਾ ਕਰਦੇ ਹੋਏ ਬੱਚਿਆਂ ਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਸ ਪ੍ਰੋਜੈਕਟ ਨਾਲ ਜੁੜ ਜੁੜ ਕੇ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਓ। ਇਸ ਮੌਕੇ ਡਾ.ਸਤਿੰਦਰ ਕੌਰ ਕਾਹਲੋਂ ਪ੍ਰਧਾਨ ਗੁਰਦਾਸਪੁਰ ,ਡਾ.ਸੁਰਿੰਦਰ ਜਿੰਦਲ ਪ੍ਰਧਾਨ ਮੋਹਾਲੀ,ਮਾਸਟਰ ਲਖਵਿੰਦਰ ਸਿੰਘ ਪ੍ਰਧਾਨ ਮਲੇਰਕੋਟਲਾ,ਮਨਜੀਤ ਸਿੰਘ ਬਾਜਕ ਪ੍ਰਧਾਨ ਬਠਿੰਡਾ-2,ਬਲਰਾਜ ਸਿੰਘ ਪ੍ਰਧਾਨ ਬਠਿੰਡਾ-1,ਡਾ.ਨਵਦੀਪ ਕੌਰ ਪ੍ਰਧਾਨ ਰਾਜਸਥਾਨ-1,ਰਾਜੇਦਰ ਸਹੂ ਪ੍ਰਧਾਨ ਰਾਜਸਥਾਨ-2, ਡਾ.ਅਮਰ ਜੋਤੀ ਮਾਂਗਟ ਪ੍ਰਧਾਨ ਫਿਰੋਜ਼ਪੁਰ,ਸੋਨੀਆ ਬਜਾਜ ਪ੍ਰਧਾਨ ਫਾਜ਼ਿਲਕਾ,ਰਸ਼ਪਾਲ ਸਿੰਘ ਪ੍ਰਧਾਨ ਫਤਹਿਗੜ੍ਹ ਸਾਹਿਬ, ਵੀਨਾ ਅਰੋੜਾ ਪ੍ਰਧਾਨ ਜਲੰਧਰ,ਰਾਜਿੰਦਰ ਕੌਰ ਮੋਹਾਲੀ, ਗੁਤਿੰਦਰ ਕੌਰ ਮੋਹਾਲੀ,ਰਣਜੀਤ ਕੌਰ ਬਾਜਵਾ ਗੁਰਦਾਸਪੁਰ, ਪ੍ਰਗਟ ਸਿੰਘ ਮਹਿਤਾ ਸੰਗਰੂਰ ਅਤੇ ਇਸ ਤੋਂ ਇਲਾਵਾ ਵਿਦਿਆਰਥੀ ਅਤੇ ਉਹਨਾਂ ਦੇ ਗਾਈਡ ਅਧਿਆਪਕ, ਮਾਪੇ ਹਾਜ਼ਰ ਸਨ।




# ਦੀਨਾਨਗਰ ਦੇ ਸੁਮਿੱਤਰਾ ਦੇਵੀ ਸਕੂਲ ਦਾ ਨਤੀਜਾ ਐਲਾਨਿਆ ਗਿਆ




ਦੀਨਾਨਗਰ (ਡਾ.ਰਮੇਸ਼ ਸਰੰਗਲ ) ਦੀਨਾਨਗਰ ਦੇ ਸੁਮਿੱਤਰਾ ਦੇਵੀ ਸਕੂਲ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਗਿਆ ਹੈ ਜਿਸ ਵਿਚ ਸਕੂਲ ਦਾ ਰਿਜ਼ਲਟ 100 ਪ੍ਰਤੀਸ਼ਤ ਰਿਹਾ ਹੈ। ਆਪਣੇ ਬੱਚਿਆਂ ਦਾ ਵਧੀਆ ਨਤੀਜਾ ਦੇਖ ਮਾਪਿਆਂ ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸੁਮਿੱਤਰਾ ਦੇਵੀ ਸਕੂਲ ਦਾ ਨਤੀਜਾ ਬਹੁਤ ਹੀ ਵਧੀਆ ਰਿਹਾ ਹੈ ਉਨ੍ਹਾਂ ਖੁਸ਼ੀ ਜਾਹਿਰ ਕਰਦਿਆਂ ਬਾਕੀ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸੁਮਿੱਤਰਾ ਦੇਵੀ ਸਕੂਲ ਚ ਦਾਖਲ ਕਰਵਾਉਣ।

ਉਧਰ ਸਕੂਲ ਦੇ ਸਟਾਫ ਅਤੇ ਪ੍ਰਿੰਸੀਪਲ ਜੋਤੀ ਬਾਲਾ ਨੇ ਕਿਹਾ ਕਿ ਸਾਡੇ ਵੱਲੋਂ ਬੱਚਿਆਂ ਨੂੰ ਬਹੁਤ ਮਿਹਨਤ ਕਰਵਾਈ ਜਾ ਰਹੀ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਾਡੇ ਸਕੂਲ ਚ ਦਾਖਲ ਕਰਵਾਉਣ ਤਾਂ ਜੋ ਅਸੀ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਦੇ ਕੇ ਚੰਗੇ ਨਾਗਰਿਕ ਬਣਾ ਸਕੀਏ। ਇਸ ਮੌਕੇ ਤੇ ਸਕੂਲ ਸਟਾਫ ਵੱਲੋਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

# ਸਤਪਾਲ ਸਾਹਲੋਂ ਦੀ ਪੁਸਤਕ 'ਮੇਰੇ ਹਿੱਸੇ ਦੀ ਧੁੱਪ' ਰਿਲੀਜ਼

## ☛ ਸਮਾਜਿਕ, ਸਾਹਿਤਕਧਾਰਮਿਕ ਨੁਮਾਇੰਦਿਆਂ ਨੇ ਨਿਭਾਈ ਰਸਮ




ਫਗਵਾੜਾ-ਨਵਾਂ ਸ਼ਹਿਰ (ਸੁਸ਼ੀਲ ਸ਼ਰਮਾ) ਨਾਮਵਰ ਲੇਖਕ ਅਤੇ ਇਲਾਕੇ ਦੀਆਂ ਸਮਾਜਿਕ, ਸਾਹਿਤਕ ਅਤੇ ਧਾਰਮਿਕ ਜੱਥੇਬੰਦੀਆਂ ਦੇ ਨੁਮਾਇੰਦੇ ਸਤਪਾਲ ਸਾਹਲੋਂ ਦਾ ਗ਼ਜ਼ਲ ਸੰਗ੍ਰਹਿ 'ਮੇਰੇ ਹਿੱਸੇ ਦੀ ਧੁੱਪ' ਰਿਲੀਜ਼ ਕੀਤਾ ਗਿਆ। ਇਹ ਰਸਮ ਉਹਨਾਂ ਦੇ ਪਿੰਡ ਸਾਹਲੋਂ 'ਚ ਉਹਨਾਂ ਦੇ ਗ੍ਰਹਿ ਵਿਖੇ ਨਿਭਾਈ ਗਈ। ਸਤਪਾਲ ਸਾਹਲੋਂ ਨੇ ਆਪਣੀ ਪੁਸਤਕ ਬਾਰੇ ਦੱਸਿਆ ਕਿ ਇਸ ਵਿੱਚ ਜਨ ਜੀਵਨ ਦੇ ਵੱਖ-ਵੱਖ ਪਹਿਲੂਆਂ ਨਾਲ ਸਰੋਕਾਰ ਰੱਖਦੀਆਂ ਵੱਖ-ਵੱਖ ਰੰਗ ਦੀਆਂ ਗ਼ਜ਼ਲਾਂ ਸ਼ਾਮਲ ਹਨ ਅਤੇ ਇਹਨਾਂ ਵਿੱਚ ਮਨੁੱਖੀ ਜ਼ਿੰਦਗੀ ਦੀਆਂ ਭਾਵਨਾਵਾਂ ਦਾ ਅਨੁਵਾਦ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ।

ਨਵਜੋਤ ਸਾਹਿਤ ਸੰਸਥਾ ਔੜ ਦੇ ਪ੍ਰਧਾਨ ਸੁਰਜੀਤ ਮਜਾਰੀ,ਸੁਰ ਸੰਗੀਤ ਸੰਸਥਾ ਦੇ ਨੁਮਾਇੰਦੇ ਐਸ.ਐਸ.ਆਜ਼ਾਦ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਟਰੱਸਟ ਦੇ ਜਨਰਲ ਸਕੱਤਰ ਪਰਮਜੀਤ ਮਹਾਲੋਂ ਨੇ ਇਸ ਪੁਸਤਕ ਲਈ ਵਧਾਈ ਦਿੰਦਿਆਂ ਸਤਪਾਲ ਸਾਹਲੋਂ ਦੇ ਲੋਕ ਪੱਖੀ ਵਿਅਕਤੀਤਵ ਦੀ ਸ਼ਲਾਘਾ ਕੀਤੀ।ਇਹਨਾਂ ਬੁਲਾਰਿਆਂ ਨੇ ਕਿਹਾ ਕਿ ਇਹ ਗ਼ਜ਼ਲ ਸੰਗ੍ਰਹਿ ਸਾਹਿਤ ਦੇ ਵਿਹੜੇ ਕਾਰਗਰ ਸਿੱਧ ਹੋਵੇਗਾ। ਦੱਸਣਯੋਗ ਹੈ ਕਿ ਇਹ ਗ਼ਜ਼ਲ ਸੰਗ੍ਰਹਿ ਪੰਜਾਬ ਦੇ ਨਾਮਵਰ ਗ਼ਜ਼ਲਗੋ ਗੁਰਦਿਆਲ ਰੌਸ਼ਨ ਦੀ ਅਗਵਾਈ ਵਾਲੇ ਰੌਸ਼ਨ ਕਲਾ ਕੇਂਦਰ ਵਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ। ਇਹ ਪੁਸਤਕ ਲੇਖਕ ਵਲੋਂ ਆਪਣੀ ਪੋਤਰੀ ਹਨਾਇਆ ਸੱਲ੍ਹਣ ਦੇ ਜਨਮ ਦਿਨ ਨੂੰ ਸਮਰਪਿਤ ਕੀਤੀ ਗਈ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਮਾਸਿਕ 'ਅਦਬੀ ਮਹਿਕ' ਦੇ ਸੰਪਾਦਕ ਕਮਲਾ ਸੱਲ੍ਹਣ,ਨਾਮਵਰ ਸ਼ਾਇਰਾਂ ਰਜਨੀ ਸ਼ਰਮਾ ਨੇ ਰਸਾਲੇ ਦੀ ਚਾਰ ਦਹਾਕਿਆਂ ਤੋਂ ਲਗਾਤਾਰਤਾ ਵਿੱਚ ਸਤਪਾਲ ਸਾਹਲੋਂ ਵਲੋਂ ਨਿੱਘੇ ਸਹਿਯੋਗ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਲੇਖਕ ਵਰਗ ਤੇ ਸੰਸਥਾ ਨਾਲ ਸਬੰਧਤ ਹਾਜ਼ਰੀਨ 'ਚ ਸੰਸਥਾ ਦੇ ਸਾਬਕਾ ਪ੍ਰਧਾਨ ਗੁਰਨੇਕ ਸ਼ੇਰ, ਡਾ.ਕੇਵਲ ਰਾਮ,ਰਾਜਿੰਦਰ ਜੱਸਲ,ਦਵਿੰਦਰ ਸਕੋਹਪੁਰੀ,ਦੇਸ਼ ਰਾਜ ਬਾਲੀ,ਵਿਨੇ ਸ਼ਰਮਾ, ਹਰਮਿੰਦਰ ਹੈਰੀ,ਰਾਜ ਸੋਹੀ,ਮਹਿੰਦਰ ਸੂਦ ਵਿਰਕ,ਬਿੰਦਰ ਮੱਲ੍ਹਾ ਬੇਦੀਆਂ,ਸੁੱਚਾ ਰਾਮ ਜਾਡਲਾ,ਐਡਵੋਕੇਟ ਰੇਸ਼ਮ ਸਿੰਘ, ਅਮਨਦੀਪ ਸੱਲ੍ਹਣ,ਸੀਮਾ ਰਾਣੀ ਆਦਿ ਸ਼ਾਮਲ ਸਨ।

# ਜੱਖੂ ਮਲਟੀਸ਼ਪੈਸ਼ਲਿਟੀ ਹਸਪਤਾਲ ਵੱਲੋਂ ਫ੍ਰੀ ਮੈਡੀਕਲ ਚੈੱਕਅੱਪ ਕੈਂਪ 16 ਨੂੰ-ਡਾ.ਹਰਜਿੰਦਰ ਜੱਖੂ



ਫਗਵਾੜਾ (ਸੁਸ਼ੀਲ ਸ਼ਰਮਾ) ਜੱਖੂ ਮਲਟੀਸ਼ਪੈਸ਼ਲਿਟੀ ਹਸਪਤਾਲ ਚਾਹਲ ਨਗਰ ਫਗਵਾੜਾ ਵੱਲੋਂ ਵਿਸ਼ਾਲ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਕਿਡਨੀ ਹਸਪਤਾਲ ਕੂਲ ਰੋਡ ਜਲੰਧਰ ਦੇ ਸਹਿਯੋਗ ਨਾਲ ਜੱਖੂ ਮਲਟੀਸ਼ਪੈਸ਼ਲਿਟੀ ਹਸਪਤਾਲ ਸਾਹਮਣੇ ਸਿਵਲ ਹਸਪਤਾਲ ਫਗਵਾੜਾ ਵਿਖੇ 16 ਮਾਰਚ ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 3:00 ਵਜੇ ਤੱਕ ਲਗਾਇਆ ਜਾ ਰਿਹਾ ਹੈ।ਜਿਸ ਵਿਚ ਸ਼ੂਗਰ, ਦਿਲ ਦੀਆਂ ਬੀਮਾਰੀਆਂ,ਜਨਰਲ ਬੀਮਾਰੀਆਂ,ਜੋੜਾਂ ਅਤੇ ਹੱਡੀਆਂ ਦੀਆਂ ਬੀਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਟੀਮ ਮਰੀਜਾਂ ਦਾ ਚੈੱਕਅਪ ਕਰੇਗੀ। ਉਕਤ ਜਾਣਕਾਰੀ ਜੱਖੂ ਮਲਟੀਸਪੈਸ਼ਲਿਟੀ ਹਸਪਤਾਲ ਦੇ ਐਮ.ਡੀ.ਡਾ.ਹਰਜਿੰਦਰ ਸਿੰਘ ਜੱਖੂ ਅਤੇ ਡਾ.ਅਵਨੀਤ ਕੌਰ ਜੱਖੂ ਨੇ ਦਿੱਤੀ।

# ਪੀ.ਐਮ. ਰਿਟਰਨਸ਼ਿਪ ਸਕੀਮ ਵਿਚ ਰਜਿਸਟ੍ਰੇਸ਼ਨ ਕਰਵਾਉਣ 21 ਤੋਂ 24 ਸਾਲ ਦੇ ਨੌਜਵਾਨ - ਡਾ. ਵਰੁਣ ਜੋਸ਼ੀ








ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਵਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਟਰੇਨਿੰਗ ਸੈਂਟਰ ਵਿੱਚ ਅੱਜ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖਰੇਖ ਹੇਠ ਜਿਲ੍ਹਾ ਰੁਜ਼ਗਾਰ ਦਫਤਰ ਕਪੂਰਥਲਾ ਵੱਲੋਂ ਪੀ.ਐਮ. ਰਿਟਰਨਸ਼ਿਪ ਸਕੀਮ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਡਾ.ਵਰੁਣ ਜੋਸ਼ੀ ਜ਼ਿਲ੍ਹਾ ਪਲੇਸਮੈਂਟ ਅਫ਼ਸਰ ਕਪੂਰਥਲਾ ਅਤੇ ਪ੍ਰਯਾਂਸ਼ੁਲ ਸ਼ਰਮਾ ਮੈਨੇਜਰ ਸਕਿੱਲ ਵਿਭਾਗ ਕਪੂਰਥਲਾ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ। ਡਾ. ਵਰੁਣ ਜੋਸ਼ੀ ਨੇ ਸਿੱਖਿਆਰਥਣਾਂ ਨੂੰ ਦੱਸਿਆ ਕਿ ਪੀ.ਐਮ. ਰਿਟਰਨਸ਼ਿਪ ਸਕੀਮ ਵਿਚ 21 ਤੋਂ 24 ਸਾਲ ਦੇ ਨੌਜਵਾਨ ਰਜਿਸਟਰੇਸ਼ਨ ਕਰਵਾ ਸਕਦੇ ਹਨ। ਰਜਿਸਟਰਡ ਹੋਣ ਵਾਲੇ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਡੋਮਿਨੋਜ਼, ਐਚ.ਡੀ.ਐਫ.ਸੀ. ਬੈਂਕ, ਇੰਡੀਅਨ ਆਇਲ ਕਾਰਪੋਰੇਸ਼ਨ, ਰਿਲਾਇੰਸ ਇੰਡਸਟ੍ਰੀਜ, ਆਈ.ਟੀ.ਸੀ. ਵਰਗੀਆਂ ਵੱਡੀਆਂ ਕੰਪਨੀਆਂ ਵਿੱਚ ਨੌਕਰੀ ਲਈ ਫਗਵਾੜਾ ਵਿਖੇ ਹੀ ਟਰੇਨਿੰਗ ਸ਼ੁਰੂ ਕੀਤੀ ਜਾਵੇਗੀ। ਪ੍ਰਿਯਾਂਸ਼ੁਲ ਸ਼ਰਮਾ ਮੈਨੇਜਰ ਸਕਿਲ ਵਿਭਾਗ ਕਪੂਰਥਲਾ ਨੇ ਪੀ.ਐਮ. ਰਿਟਰਨਸ਼ਿਪ ਸਕੀਮ ਦੇ ਫਾਇਦੇ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਅਤੇ ਸਿੱਖਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਡਾ. ਵਰੁਣ ਜੋਸ਼ੀ ਅਤੇ ਪ੍ਰਿਯਾਂਸ਼ੁਲ ਸ਼ਰਮਾ ਦਾ ਸੈਂਟਰ ਵਿਖੇ ਪਹੁੰਚਣ ਲਈ ਧੰਨਵਾਦ ਕੀਤਾ। ਸਭਾ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਜਗਜੀਤ ਸੇਠ, ਮੈਡਮ ਤਨੂ, ਮੈਡਮ ਸਪਨਾ ਸ਼ਾਰਦਾ, ਮੈਡਮ ਆਸ਼ੂ ਬੱਗਾ,ਮੈਡਮ ਨਵਜੋਤ ਕੌਰ, ਮੈਡਮ ਗੁਰਜੀਤ ਕੌਰ, ਗੁਰਸ਼ਰਨ ਬਾਸੀ, ਹੇਮੰਤ, ਮੈਡਮ ਰਜਨੀ, ਅੰਜਲੀ, ਸਿਮਰਨ, ਸਲੋਨੀ, ਕਿਰਨ, ਤੰਮਨਾ, ਹਰਮਨ, ਜਸ਼ਨਪ੍ਰੀਤ, ਸਾਨੀਆ, ਰੇਣੁਕਾ, ਸਿਮਰਨ, ਮਹਿਕ, ਕਾਜਲ, ਭਾਵਨਾ, ਕਮਲਪ੍ਰੀਤ, ਸੰਜਨਾ, ਗਗਨ, ਅੰਜਲੀ, ਤਾਨੀਆ, ਆਰਤੀ, ਨਿਸ਼ਾ, ਅੰਜਲੀ ਹੀਰ, ਕਿਰਨਦੀਪ, ਪ੍ਰੀਆ ਆਦਿ ਹਾਜਰ ਸਨ।

# ਅਸਲਾ ਭੰਡਾਰ ਦੇ 1200 ਗਜ਼ ਦੇ ਘੇਰੇ ਅੰਦਰ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਤੇ ਉਸਾਰੀ ਕਰਨ 'ਤੇ ਪਾਬੰਦੀ ਦੇ ਹੁਕਮ



ਫਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਜ਼ਿਲ੍ਹਾ ਮੈਜਿਸਟ੍ਰੇਟ ਅਮਿਤ ਕੁਮਾਰ ਪੰਚਾਲ ਵਲੋਂ ਕਪੂਰਥਲਾ ਜਿਲ੍ਹੇ ਅੰਦਰ ਪਿੰਡ ਬੁੱਧੋ ਪੰਧੇਰ ਵਿਖੇ ਅਸਲਾ ਭੰਡਾਰ ਦੇ 1200 ਗਜ਼ ਦੇ ਘੇਰੇ ਅੰਦਰ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਅਤੇ ਕਿਸੇ ਕਿਸਮ ਦੀ ਉਸਾਰੀ ਕਰਨ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਵਰਕਜ਼ ਆਫ ਡਿਫੈਂਸ ਐਕਟ 1903 ਤਹਿਤ ਜਾਰੀ ਹੁਕਮਾਂ ਅਨੁਸਾਰ ਕਿਹਾ ਹੈ ਕਿ ਆਮ ਲੋਕਾਂ ਦੇ ਜਾਨ-ਮਾਲ ਦੀ ਰਾਖੀ ਅਤੇ ਅਸਲਾ ਭੰਡਾਰ ਦੀ ਸੁਰੱਖਿਆ ਦੇ ਮੱਦੇਨਜ਼ਰ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ,ਜਿਸ ਅਨੁਸਾਰ ਅਸਲਾ ਭੰਡਾਰ ਦੇ 1200 ਗਜ਼ ਦੇ ਘੇਰੇ ਅੰਦਰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਅਤੇ ਉਸਾਰੀ ਨਹੀਂ ਕੀਤੀ ਜਾ ਸਕੇਗੀ।


ਇਹ ਹੁਕਮ 03/05/2025 ਤੱਕ ਲਾਗੂ ਰਹਿਣਗੇ। ਉਨ੍ਹਾਂ ਨੇ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਨੂੰ ਇਹ ਹੁਕਮ ਇੰਨ-ਬਿੰਨ ਲਾਗੂ ਕਰਨ ਦੇ ਨਿਰਦੇਸ਼ ਦਿੱਤੇ।

# ਬਸਪਾ ਦੇ ਸੰਸਥਾਪਕ ਸਾਹਿਬ ਸ਼੍ਰੀ ਕਾਂਸ਼ੀ ਰਾਮ ਜੀ ਦੇ 15 ਮਾਰਚ ਨੂੰ ਜਨਮ ਦਿਨ ਤੇ ਦਾਣਾ ਮੰਡੀ ਫਗਵਾੜਾ ਵਿਖੇ ਪੰਜਾਬ ਸੰਭਾਲੋ ਰੈਲੀ ਵਿੱਚ ਪਹੁੰਚਣ ਦੀ ਅਪੀਲ-ਡਾ.ਅਵਤਾਰ ਸਿੰਘ ਕਰੀਮਪੁਰੀ

ਫਗਵਾੜਾ (ਸੁਸ਼ੀਲ ਸ਼ਰਮਾ) ਬਾਮਸੇਫ.ਡੀ.ਐਸ. ਫੋਰ.ਅਤੇ ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਸ਼੍ਰੀ ਕਾਂਸ਼ੀ ਰਾਮ ਜੀ ਦੇ 15 ਮਾਰਚ ਨੂੰ ਜਨਮ ਦਿਨ ਤੇ ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ 'ਪੰਜਾਬ ਸੰਭਾਲੋ ਰੈਲੀ ਦਾਣਾ ਮੰਡੀ ਫਗਵਾੜਾ ਵਿੱਚ ਕੀਤੀ ਜਾ ਰਹੀ ਹੈ। ਰੈਲੀ ਦੇ ਪ੍ਰਬੰਧਾਂ ਨੂੰ ਦੇਖਣ ਲਈ ਬਸਪਾ ਵੱਲੋਂ ਪੰਜਾਬ ਦੇ ਕੇਂਦਰੀ ਕੁਆਰਡੀਨੇਟਰ ਸ਼੍ਰੀ ਵਿਪਲ ਕੁਮਾਰ ਜੀ ਅਤੇ ਬਸਪਾ ਪੰਜਾਬ ਦੇ ਪ੍ਰਧਾਨ ਡਾ.ਅਵਤਾਰ ਸਿੰਘ ਕਰੀਮਪੁਰੀ ਜੀ ਪਹੁੰਚੇ। ਇਸ ਮੌਕੇ ਤੇ ਬਸਪਾ ਸਥਾਨਕ ਲੀਡਰਸ਼ਿਪ ਵੱਲੋਂ ਸ਼੍ਰੀ ਵਿਪਲ ਕੁਮਾਰ ਜੀ ਦਾ ਸਨਮਾਨ ਕੀਤਾ। ਇਸ ਮੌਕੇ ਤੇ 15 ਮਾਰਚ ਦੀ ਰੈਲੀ ਦੇ ਪ੍ਰਬੰਧਾਂ ਤੇ ਰੈਲੀ ਦੀ ਤਿਆਰੀ ਸੰਬੰਧੀ ਲੀਡਰਸ਼ਿਪ ਨਾਲ ਸਮੀਖਿਆ ਕੀਤੀ। ਇਸ ਮੌਕੇ ਤੇ ਬਸਪਾ ਪੰਜਾਬ ਦੇ ਪ੍ਰਧਾਨ ਡਾ.ਸਰਦਾਰ ਕਰੀਮਪੁਰੀ ਜੀ ਨੇ ਆਖਿਆ ਪੰਜਾਬ ਵਿੱਚ ਜਿਹਨਾ ਪਾਰਟੀਆਂ ਦੀਆਂ ਸਰਕਾਰਾਂ ਰਹੀਆਂ ਉਹਨਾਂ ਦੇ ਮਾੜੇ ਪ੍ਰਬੰਧ, ਪੰਜਾਬ ਵਿਰੋਧੀ ਨੀਤੀਆਂ ਦੇ ਕਾਰਣ, ਪੰਜਾਬ ਬਰਬਾਦ ਹੋ ਚੁੱਕਿਆ ਹੈ। ਬਸਪਾ ਸਾਹਿਬ ਕਾਂਸ਼ੀ ਰਾਮ ਜੀ ਦੇ ਜਨਮਦਿਨ ਤੇ ਡਰੱਗ ਮਾਫੀਆ ਪਾਸੋਂ ਫਗਵਾੜੇ ਦੀ ਧਰਤੀ ਤੋਂ ਮਾਵਾਂ ਦੇ ਪੁੱਤ ਬਚਾਉਣ ਦੀ ਵੱਡੇ ਪੱਧਰ ਅੰਦੋਲਨ ਦਾ ਐਲਾਨ ਕਰੇਗੀ। ਆਮ ਆਦਮੀ ਪਾਰਟੀ ਨੇ ਸਰਕਾਰ ਬਣਨ ਤੋਂ ਪਹਿਲਾਂ ਕਿਹਾ ਸੀ ਤਿੰਨ ਮਹੀਨੇ ਵਿੱਚ ਪੰਜਾਬ ਵਿੱਚੋਂ ਨਸ਼ਾ ਖਤਮ ਕਰ ਦਿਆਂਗੇ। ਸੱਚਾਈ ਇਹ ਹੈ ਨਸ਼ਿਆਂ ਨੇ ਪੰਜਾਬ ਤੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰ ਦਿੱਤਾ ਹੈ। ਪੰਜਾਬ ਨੂੰ ਬਰਬਾਦ ਕਰਨ ਵਾਲਿਆਂ ਵਿੱਚ ਸਿਰਫ ਆਮ ਪਾਰਟੀ ਦੀ ਸਰਕਾਰ ਹੀ ਨਹੀਂ, ਇਸ ਤੋਂ ਪਹਿਲਾਂ ਸਰਕਾਰ ਚਾਹੇ ਕਾਂਗਰਸ, ਅਕਾਲੀ-ਭਾਜਪਾ ਗੱਠਜੋੜ ਦੀ ਰਹੀ ਹੈ ਉਹ ਵੀ ਬਰਾਬਰ ਦੀ ਜਿੰਮੇਵਾਰ ਹੈ। ਜਦੋਂ ਤੱਕ ਡਰੱਗ ਮਾਫੀਆ ਵੱਲੋਂ ਫੰਡਿੰਗ ਦੇ ਨੈੱਟਵਰਕ ਨੂੰ ਤੋੜਿਆ ਨਹੀਂ ਜਾਂਦਾ ਉਦੋਂ ਤੱਕ ਪੰਜਾਬ ਵਿੱਚੋ ਨਸ਼ੇ ਨੂੰ ਖਤਮ ਨਹੀਂ ਕੀਤਾ ਜਾ ਸਕਦਾ। ਰੈਲੀ ਦੀ ਤਿਆਰੀ ਸੰਬੰਧੀ ਵਰਕਰਾਂ ਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਰੈਲੀ ਵਾਲੇ ਸਥਾਨ ਤੇ ਸਟੇਜ਼ ਤੇ ਟੈਂਟ ਵਾਲੇ ਤੇਜੀ ਨਾਲ ਕੰਮ ਕਰ ਰਹੇ ਨੇ। ਸ.ਕਰੀਮਪੁਰੀ ਜੀ ਨੇ ਮੀਡੀਆ ਰਾਹੀਂ ਕਿਰਤੀ,ਮਜਦੂਰ, ਕਿਸਾਨ,ਨੌਜਵਾਨ, ਵਿਦਿਆਰਥੀ,ਬੁੱਧੀਜੀਵੀ,ਦੁਕਾਨਦਾਰ, ਵਪਾਰੀ ਤੇ ਪੰਜਾਬ ਹਤੈਸ਼ੀਆਂ ਨੂੰ 15 ਮਾਰਚ ਨੂੰ ਫਗਵਾੜਾ ਪਹੁੰਚਣ ਦੀ ਅਪੀਲ ਕੀਤੀ ਹੈ। ਰੈਲੀ ਦੇ ਮੁੱਖ ਮਹਿਮਾਨ ਬਸਪਾ ਦੇ ਨੈਸ਼ਨਲ ਕੁਆਰਡੀਨੇਟਰ ਸ਼੍ਰੀ ਰਣਧੀਰ ਸਿੰਘ ਬੈਨੀਪਾਲ ਜੀ ਹੋਣਗੇ। ਇਸ ਮੌਕੇ ਤੇ ਬਸਪਾ ਦੇ ਸੁਬਾਈ ਆਗੂ ਮਾਸਟਰ ਹਰਭਜਨ ਸਿੰਘ ਬਲਾਲੋਂ, ਬਸਪਾ ਪੰਜਾਬ ਦੇ ਦਫਤਰ ਸਕੱਤਰ ਇੰਜ.ਜਸਵੰਤ ਰਾਏ,ਸ਼੍ਰੀ ਪਰਵੀਨ ਬੰਗਾ ਜੀ ਜ਼ੋਨ ਇੰਚਾਰਜ ਲੁਧਿਆਣਾ,ਲੇਖਰਾਜ ਜਮਾਲਪੁਰ,ਰਮੇਸ਼ ਕੌਲ,ਕੈਸ਼ੀਅਰ ਪਰਮਜੀਤ ਮੱਲ,ਹਲਕਾ ਪ੍ਰਧਾਨ ਚਿਰੰਜੀ ਲਾਲ ਕਾਲਾ ਕਾਉਂਸਲਰ,ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਪਰਦੀਪ ਮੱਲ,ਜਸਵੀਰ ਬਘਾਣਾ (ਗਰੀਸ),ਕਾਲਾ ਬਘਾਣਾ, ਪਰਮਜੀਤ ਖਲਵਾੜਾ,ਰਾਮ ਮੂਰਤੀ ਖੇੜਾ,ਮਨਜੀਤ ਮਾਨ (ਸਰਪੰਚ ਗੰਢਵਾਂ),ਅਰੁਨ ਸੁਮਨ ਤੋਂ ਇਲਾਵਾ ਵਰਕਰ ਤੇ ਸਮਰਥਕ ਸ਼ਾਮਿਲ ਸਨ।



# ਇਕਬਾਲ ਸਿੰਘ ਧਾਲੀਵਾਲ ਆਮ ਆਦਮੀ ਪਾਰਟੀ (ਬੌਧਿਕ ਸੈੱਲ) ਦਿਹਾਤੀ ਦੇ ਜ਼ਿਲ੍ਹਾ ਮੁਖੀ ਬਣੇ



ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ,ਆਮ ਆਦਮੀ ਪਾਰਟੀ ਬੁੱਧੀਜੀਵੀ ਸੈੱਲ ਦੇ ਪੰਜਾਬ ਪ੍ਰਧਾਨ ਮੇਜਰ ਮਲਹੋਤਰਾ ਨੇ ਮਾਧੋਪੁਰ (ਫਗਵਾੜਾ) ਦੇ ਇਕਬਾਲ ਸਿੰਘ ਧਾਲੀਵਾਲ ਨੂੰ ਜ਼ਿਲ੍ਹਾ ਕਪੂਰਥਲਾ ਦਾ ਦਿਹਾਤੀ ਮੁਖੀ ਨਿਯੁਕਤ ਕੀਤਾ ਹੈ। ਇਕਬਾਲ ਸਿੰਘ ਧਾਲੀਵਾਲ ਨੇ ਆਪਣੀ ਨਿਯੁਕਤੀ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਮੁਖੀ ਮੇਜਰ ਮਲਹੋਤਰਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸਮਾਜ ਦੇ ਬੁੱਧੀਜੀਵੀਆਂ ਨੂੰ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਪਿਛਲੇ ਤਿੰਨ ਸਾਲਾਂ ਦੌਰਾਨ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਉਣਗੇ। ਤਾਂ ਜੋ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਸਮਾਜ ਦੇ ਜਾਗਰੂਕ ਵਰਗ ਦਾ ਪੂਰਾ ਸਮਰਥਨ ਮਿਲੇ ਅਤੇ ਜ਼ਿਲ੍ਹੇ ਦੀਆਂ ਸਾਰੀਆਂ ਵਿਧਾਨ ਸਭਾ ਸੀਟਾਂ ਤੋਂ ਪਾਰਟੀ ਦੀ ਜਿੱਤ ਯਕੀਨੀ ਬਣਾਈ ਜਾ ਸਕੇ। ਇਸ ਦੌਰਾਨ, ਇਕਬਾਲ ਸਿੰਘ ਧਾਲੀਵਾਲ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਆਮ ਆਦਮੀ ਪਾਰਟੀ ਬੁੱਧੀਜੀਵੀ ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਅਤੇ ਸੂਬਾ ਸਕੱਤਰ ਸੁਰੇਂਦਰ ਸ਼ਰਮਾ ਨੇ ਕਿਹਾ ਕਿ ਉਹ ਸਿੱਖਿਆ ਦੇ ਖੇਤਰ ਨਾਲ ਜੁੜੇ ਹੋਏ ਹਨ ਅਤੇ ਇਕਬਾਲ ਸਿੰਘ ਧਾਲੀਵਾਲ ਦਾ ਪੇਂਡੂ ਖੇਤਰ ਵਿੱਚ ਬਹੁਤ ਵਧੀਆ ਅਕਸ ਹੈ। ਜ਼ਿਲ੍ਹਾ ਦਿਹਾਤੀ ਮੁਖੀ ਵਜੋਂ ਉਨ੍ਹਾਂ ਦੀ ਨਿਯੁਕਤੀ ਆਪ ਪਾਰਟੀ ਨੂੰ ਬਹੁਤ ਮਜ਼ਬੂਤੀ ਦੇਵੇਗੀ।

# ਪੁਲਿਸ ਅਤੇ ਸਰਕਾਰ ਦੀ ਢਿੱਲ ਕਾਰਨ ਪੰਜਾਬ ਵਿੱਚ ਸਨਾਤਨ ਧਰਮ ਦੀ ਲਗਾਤਾਰ ਹੋ ਰਹੀ ਬੇਅਦਬੀ : ਕਮਲ ਸਰੋਜ

## ਸ਼ਿਵ ਸੈਨਾ ਨੇ ਧਰਮ ਪਰਿਵਰਤਨ ਬਾਰੇ ਵੀ ਕੀਤਾ ਚਿੰਤਾ ਦਾ ਪ੍ਰਗਟਾਵਾ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਿਵ ਸੈਨਾ ਯੂਬੀਟੀ ਨੇ ਬੁੱਧਵਾਰ ਨੂੰ ਫਗਵਾੜਾ ਵਿੱਚ ਸਨਾਤਨ ਧਰਮ ਦੀ ਧਾਰਮਿਕ ਤਸਵੀਰ ਦੀ ਬੇਅਦਬੀ ਦੀ ਘਟਨਾ ਦੀ ਸਖ਼ਤ ਨਖੇਦੀ ਕੀਤੀ ਹੈ। ਸ਼ਿਵ ਸੈਨਾ ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ, ਭੂਸ਼ਣ ਯਾਦਵ, ਅਨਿਲ ਕੁਮਾਰ ਅਤੇ ਰਾਮੇਸ਼ਵਰ ਨੇ ਤਿੱਖੇ ਸੁਰ ਵਿੱਚ ਕਿਹਾ ਕਿ ਪੁਲਿਸ ਅਤੇ ਸਰਕਾਰ ਵੱਲੋਂ ਦੋਸ਼ੀਆਂ ਪ੍ਰਤੀ ਨਰਮੀ ਵਰਤਣ ਕਾਰਨ ਪੰਜਾਬ ਵਿੱਚ ਅਜਿਹੀਆਂ ਘਟਨਾਵਾਂ ਵਾਰ-ਵਾਰ ਵਾਪਰ ਰਹੀਆਂ ਹਨ ਜੋ ਬਹੁਤ ਹੀ ਨਿੰਦਣਯੋਗ ਹਨ। ਕਮਲ ਸਰੋਜ ਨੇ ਕਿਹਾ ਕਿ ਬੁੱਧਵਾਰ ਨੂੰ ਫਗਵਾੜਾ ਵਿੱਚ ਜੋ ਵੀ ਹੋਇਆ, ਉਸ ਨੇ ਇੱਕ ਵਾਰ ਫਿਰ ਇਹ ਗੱਲ ਉਜਾਗਰ ਕੀਤੀ ਹੈ ਕਿ ਪੁਲਿਸ ਅਤੇ ਸਰਕਾਰ ਨੇ ਫਗਵਾੜਾ ਵਿੱਚ ਧਾਰਮਿਕ ਪੋਸਟਰਾਂ ਦੀ ਬੇਅਦਬੀ ਦੀਆਂ ਹਾਲ ਹੀ ਵਿੱਚ ਹੋਈਆਂ ਘਟਨਾਵਾਂ ਤੋਂ ਕੋਈ ਸਬਕ ਨਹੀਂ ਸਿੱਖਿਆ ਹੈ। ਉਨ੍ਹਾਂ ਕਿਹਾ ਕਿ ਫਗਵਾੜਾ ਵਿੱਚ ਧਾਰਮਿਕ ਪੋਸਟਰਾਂ ਅਤੇ ਤਸਵੀਰਾਂ ਦੀ ਬੇਅਦਬੀ ਦੇ ਅਜਿਹੇ ਮਾਮਲੇ ਪਹਿਲਾਂ ਵੀ ਕਈ ਵਾਰ ਸਾਹਮਣੇ ਆ ਚੁੱਕੇ ਹਨ ਅਤੇ ਇਸ ਵਾਰ ਜੋ ਦੇਖਿਆ ਗਿਆ ਹੈ, ਉਹ ਇਹ ਸਵਾਲ ਖੜ੍ਹਾ ਕਰਦਾ ਹੈ ਕਿ ਫਗਵਾੜਾ ਵਿੱਚ ਇਹ ਕਦੋਂ ਤੱਕ ਜਾਰੀ ਰਹੇਗਾ ? ਇਸ ਦੌਰਾਨ ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਸਨਾਤਨ ਨਾਲ ਸਬੰਧਤ ਪੋਸਟਰ ਹਟਾ ਕੇ ਦੂਜੇ ਭਾਈਚਾਰੇ ਦਾ ਪੋਸਟਰ ਲਗਾਇਆ ਹੈ, ਉਹ ਯਕੀਨੀ ਤੌਰ 'ਤੇ ਧਰਮ ਪਰਿਵਰਤਨ ਦੇ ਸ਼ਿਕਾਰ ਹਨ ਜੋ ਆਪਣੇ ਸਨਾਤਨ ਧਰਮ ਦਾ ਅਪਮਾਨ ਕਰ ਰਹੇ ਹਨ। ਇਸ ਲਈ ਪੰਜਾਬ ਵਿੱਚ ਵੱਡੇ ਪੱਧਰ 'ਤੇ ਹੋ ਰਹੇ ਧਰਮ ਪਰਿਵਰਤਨ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਏ ਜਾਣੇ ਚਾਹੀਦੇ ਹਨ। ਭੂਸ਼ਣ ਯਾਦਵ ਨੇ ਕਿਹਾ ਕਿ ਕੁਝ ਵਿਦੇਸ਼ੀ ਤਾਕਤਾਂ ਹਿੰਦੂਆਂ ਵਿੱਚ ਵੰਡ ਪਾਉਣ ਲਈ ਲੋਕਾਂ ਨੂੰ ਤਰ੍ਹਾਂ-ਤਰ੍ਹਾਂ ਦੇ ਲਾਲਚ ਦੇ ਕੇ ਧਰਮ ਤਬਦੀਲ ਕਰਵਾ ਰਹੀਆਂ ਹਨ। ਜੋ ਕਿ ਕਾਨੂੰਨ ਦੀ ਨਜ਼ਰ ਵਿੱਚ ਇੱਕ ਗੰਭੀਰ ਅਪਰਾਧ ਹੈ। ਸ਼ਿਵ ਸੈਨਾ ਆਗੂਆਂ ਨੇ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਵੀ ਕੀਤੀ ਹੈ।

# ਸਹੀ ਜੀਵਨ ਸ਼ੈਲੀ ਅਪਣਾ ਕੇ ਕਿਡਨੀ ਰੋਗ ਤੋਂ ਸੰਭਵ-ਸਿਵਲ ਸਰਜਨ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਵਰਤਮਾਨ ਸਮੇਂ ਦੀ ਗ਼ਲਤ ਜੀਵਨਸ਼ੈਲੀ ਤੇ ਗ਼ਲਤ ਖਾਣ ਪੀਣ ਦੀਆਂ ਆਦਤਾਂ ਨੇ ਕਈ ਬਿਮਾਰੀਆਂ ਨੂੰ ਜਨਮ ਦਿੱਤਾ ਹੈ,ਜਿੰਨਾ ਵਿਚੋਂ ਇਕ ਹੈ ਕਿਡਨੀ ਰੋਗ। ਕਿਡਨੀ ਦੀ ਬਿਮਾਰੀ ਦੀ ਸਮੇਂ ਸਿਰ ਪਛਾਣ ਤੇ ਰੋਕਥਾਮ ਕਰਨੀ ਬਹੁਤ ਜ਼ਰੂਰੀ ਹੈ। ਇਹ ਸ਼ਬਦ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਵਿਸ਼ਵ ਕਿਡਨੀ ਦਿਵਸ ਦੇ ਸਬੰਧ ਚ ਪ੍ਰਗਟ ਕੀਤੇ। ਓਹਨਾਂ ਦਸਿਆ ਕਿ ਕਰੋਨਿਕ ਕਿਡਨੀ ਡਿਸੀਜ਼ ਕਾਰਨ ਗੰਭੀਰ ਰੂਪ ਨਾਲ ਕਿਡਨੀ ਫੇਲ ਹੋ ਸਕਦੀ ਹੈ,ਇਹੀ ਨਹੀਂ ਡਾਇਲੇਸਿਸ ਜਾਂ ਟਰਾਂਸਪਲਾਂਟ ਤਕ ਦੀ ਨੌਬਤ ਆ ਸਕਦੀ ਹੈ।

ਓਹਨਾਂ ਇਹ ਵੀ ਕਿਹਾ ਕਿ ਜਾਗਰੂਕਤਾ ਦੀ ਕਮੀ ਦੇ ਚਲਦਿਆਂ ਇਸ ਬਿਮਾਰੀ ਦੀ ਮੁਢਲੇ ਪੜਾਅ ਚ ਪਛਾਣ ਨਹੀਂ ਹੁੰਦੀ ਜਿਸ ਦੇ ਚਲਦਿਆਂ ਇਹ ਹੌਲੀ ਹੌਲੀ ਗੰਭੀਰ ਰੂਪ ਧਾਰਨ ਕਰ ਲੈਂਦੀ ਹੈ।

ਓਹਨਾਂ ਸ਼ੂਗਰ,ਬਲੱਡ ਪ੍ਰੈਸ਼ਰ,ਦਿਲ ਦੇ ਰੋਗੀਆਂ,ਮੋਟਾਪੇ ਨਾਲ ਪੀੜਤ ਤੇ ਜਿੰਨਾ ਦੇ ਪਰਿਵਾਰ ਵਿਚ ਕਿਡਨੀ ਦੀ ਬਿਮਾਰੀ ਦੀ ਹਿਸਟਰੀ ਹੈ ਨੂੰ ਨਿਯਮਿਤ ਤੌਰ ਨਾਲ ਮਾਹਰ ਡਾਕਟਰ ਕੋਲੋਂ ਜਾਂਚ ਕਰਾਉਣ ਦੀ ਸਲਾਹ ਦਿੱਤੀ।

ਡਾ.ਰਿਚਾ ਭਾਟੀਆ ਨੇ ਸ਼ਰਾਬ ਤੇ ਸਿਗਰਨੋਸ਼ੀ ਤੋਂ ਗ਼ੁਰੇਜ਼ ਕਰਨ, ਸੰਤੁਲਤ ਤੇ ਘਟ ਨਮਕ ਵਾਲਾ ਭੋਜਨ ਲੈਣ,ਦਰਦ ਨਿਵਾਰਕ ਦਵਾਈਆਂ ਦੀ ਸਾਵਧਾਨੀ ਨਾਲ ਵਰਤੋਂ ਕਰਨ,ਸ਼ਰੀਰ ਵਿੱਚ ਸ਼ੂਗਰ ਦੀ ਮਾਤਰਾ ਨੂੰ ਕੰਟਰੋਲ ਰੱਖਣ ਤੇ ਕਿ ਜ਼ੋਰ ਦਿੱਤਾ।

# ਯੋਜਨਾ ਤਹਿਤ ਲਾਭ ਲੈਣ ਲਈ ਲੋਕ ਬਿਨੈਪੱਤਰ ਨਗਰ ਨਿਗਮ ਦਫਤਰ ਵਿਖੇ ਦੇਣ-ਡਾ.ਅਕਸ਼ਿਤਾ ਗੁਪਤਾ



ਫਗਵਾੜਾ (ਸੁਸ਼ੀਲ ਸ਼ਰਮਾ) ਫਗਵਾੜਾ ਨਗਰ ਨਿਗਮ ਦੇ ਕਮਿਸ਼ਨਰ ਡਾ.ਅਕਸ਼ਿਤਾ ਗੁਪਤਾ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਅਵਾਸ ਯੋਜਨਾ 2.0 ਤਹਿਤ ਲੋੜਵੰਦ ਲੋਕ ਲਾਭ ਲੈ ਸਕਦੇ ਹਨ। ਜਿਸ ਤਹਿਤ ਮਕਾਨ ਪੱਕਾ ਤੇ ਨਵੀਂ ਉਸਾਰੀ ਲਈ 2.50 ਲੱਖ ਰੁਪੈ ਦੀ ਸਹਾਇਤਾ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਲੋਕ ਕੱਚੇ ਮਕਾਨਾਂ, ਬਾਲਿਆਂ ਵਾਲੀ ਛੱਤ ਤੇ ਖਾਲੀ ਪਲਾਟਾਂ ਵਿਚ ਉਸਾਰੀ ਨੂੰ ਪੱਕਾ ਕਰਨ ਦਾ ਲਾਹਾ ਲੈ ਸਕਦੇ ਹਨ। ਉਨ੍ਹਾਂ ਦਸਿਆ ਕਿ ਇਸ ਯੋਜਨਾ ਦਾ ਮਕਸਦ ਲੋੜਵੰਦਾਂ ਨੂੰ ਅਵਾਸ ਪ੍ਰਦਾਨ ਕਰਨਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਅਰਜ਼ੀ ਦਾਸਤਾਵੇਜ਼ਾਂ ਸਮੇਤ ਨਗਰ ਨਿਗਮ ਫਗਵਾੜਾ ਦੇ ਦਫਤਰ ਵਿਖੇ ਦੇ ਸਕਦੇ ਹਨ।

# ਸਿਵਲ ਸਰਜਨ ਨੇ ਕੈਮੀਕਲ ਰੰਗਾਂ ਤੋਂ ਮੁਕਤ ਸੁਰੱਖਿਅਤ ਹੋਲੀ ਮਨਾਉਣ ਦਾ ਦਿੱਤਾ ਸੁਨੇਹਾ



ਫ਼ਗਵਾੜਾ-ਜਲੰਧਰ 1 (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਲੋਕਾਂ ਨੂੰ ਹੋਲੀ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਇਸ ਸ਼ੁਭ ਅਵਸਰ ਤੇ ਲੋਕਾਂ ਦੀ ਤੰਦਰੁਸਤੀ ਦੀ ਕਾਮਨਾ ਕਰਦੇ ਹੋਏ ਉਨ੍ਹਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਰਗੇਨਿਕ ਰੰਗਾਂ ਨਾਲ ਹੋਲੀ ਮਨਾਉਣ ਦਾ ਸੁਨੇਹਾ ਦਿੱਤਾ। ਉਨ੍ਹਾਂ ਨੇ ਹੋਲੀ ਮਨਾਉਣ ਸਮੇਂ ਲੋਕਾਂ ਨੂੰ ਆਰਗੇਨਿਕ ਰੰਗਾਂ ਅਤੇ ਫੁੱਲਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਅਤੇ ਜੋਰ ਦੇ ਕੇ ਕਿਹਾ ਕਿ ਕੈਮੀਕਲ ਰੰਗਾਂ ਦੀ ਵਰਤੋਂ ਨਾ ਕੀਤੀ ਜਾਵੇ ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਹੋਲੀ ਖੇਡਣ ਦੌਰਾਨ ਲੋਕਾਂ ਨੂੰ ਧੁੱਪ ਚ ਲਗਾਉਣ ਵਾਲੀਆਂ ਐਨਕਾਂ ਪਹਿਨ ਕੇ,ਸਨਸਕ੍ਰੀਨ ਲਗਾ ਕੇ ਅਤੇ ਲੋੜ ਪੈਣ ਤੇ ਮਾਸਕ ਦੀ ਵਰਤੋਂ ਕਰਕੇ ਆਪਣੀਆਂ ਅੱਖਾਂ, ਚਮੜੀ ਅਤੇ ਸਾਹ ਪ੍ਰਣਾਲੀ ਦੀ ਰੱਖਿਆ ਕਰਨ ਦੀ ਸਲਾਹ ਦਿੱਤੀ। ਹੋਲੀ ਖੇਡਣ ਤੋਂ ਪਹਿਲਾਂ ਚਮੜੀ ਦੀ ਸੁਰੱਖਿਆ ਲਈ ਸਰੀਰ ਤੇ ਲਗਾਉਣ ਵਾਲੇ ਤੇਲ ਜਾਂ ਸਨਸਕ੍ਰੀਨ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਰੰਗਾਂ ਨੂੰ ਹਟਾਉਣ ਲਈ ਹਲਕੇ ਕਲੀਨਜ਼ਰ ਅਤੇ ਸਕਿਨ ਤੇ ਜਲਣ ਨੂੰ ਰੋਕਣ ਲਈ ਡਾਕਟਰ ਦੀ ਸਲਾਹ ਨਾਲ ਲੋਸ਼ਨ ਦੀ ਵਰਤੋਂ ਕਰਨੀ ਚਾਹੀਦੀ ਹੈ।

ਡਾ.ਗੁਰਮੀਤ ਲਾਲ ਨੇ ਅੱਖਾਂ ਦੀ ਸੁਰੱਖਿਆ ਲਈ ਧੁੱਪ ਦੇ ਚਸ਼ਮੇ ਦੀ ਵਰਤੋਂ ਕਰਨ, ਲੈਂਸ ਪਹਿਨਣ ਵਾਲੇ ਲੋਕਾਂ ਨੂੰ ਹੋਲੀ ਖੇਡਣ ਤੋਂ ਪਹਿਲਾਂ ਲੈਂਸ ਨੂੰ ਹਟਾਉਣ ਦੀ ਸਲਾਹ ਦਿੱਤੀ, ਕਿਉਂਕਿ ਰੰਗਾਂ ਦੇ ਸੰਪਰਕ ਵਿੱਚ ਆਉਣ ਤੇ ਇਹ ਗੰਭੀਰ ਪਰੇਸ਼ਾਨੀ ਦਾ ਕਾਰਨ ਬਣ ਸਕਦੇ ਹਨ। ਉਨ੍ਹਾਂ ਨੇ ਕਿਸੇ ਵੀ ਡਾਕਟਰੀ ਐਮਰਜੈਂਸੀ ਦੀ ਸਥਿਤੀ ਵਿੱਚ, ਲੋਕਾਂ ਨੂੰ ਕਿਸੇ ਮਾਹਿਰ ਡਾਕਟਰ ਦੀ ਸਲਾਹ ਲੈਣ ਜਾਂ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਤੇ ਜਾਣ ਦੀ ਅਪੀਲ ਕੀਤੀ।

# ਸੁਰਿੰਦਰ ਸਿੰਘ ਸੰਗੋਵਾਲ ਨਮਿਤ ਅਖੰਡ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ 16 ਨੂੰ



ਆਲਮਗੀਰ (ਲੋਕ ਬਾਣੀ)-ਪਿਛਲੇ ਦਿਨੀਂ ਨੇੜਲੇ ਪਿੰਡ ਸੰਗੋਵਾਲ ਦੇ ਸੁਰਿੰਦਰ ਸਿੰਘ ਰਿਟਾਇਰ ਜੀ ਈ (ਬਿਜਲੀ ਮਹਿਕਮਾ) ਸਵੇਰੇ ਸਾਈਕਲਿੰਗ ਕਰਦੇ ਸਮੇਂ ਇੱਕ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਗਏ ਸਨ ਜਿਨ੍ਹਾਂ ਦੀ ਕਿ ਮੌਕੇ ਤੇ ਹੀ ਮੌਤ ਹੋ ਗਈ ਸੀ ਉਹਨਾਂ ਦੀ ਹੋਈ ਬੇਵਕਤੀ ਮੌਤ ਨਾਲ ਜਿਥੇ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਓਥੇ ਹੀ ਰਿਸ਼ਤੇਦਾਰ ਸਾਕ ਸਬੰਧੀਆਂ ਨੂੰ ਵੀ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੀਆਂ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਧਾਰਮਿਕ ਜਥੇਬੰਦੀਆਂ ਦੇ ਮੁੱਖੀਆਂ, ਬਿਜਲੀ ਮਹਿਕਮੇ ਦੇ ਮੁਲਾਜ਼ਮ ਸਾਥੀਆਂ ਅਤੇ ਇਲਾਕੇ ਦੇ ਪੰਚਾਂ ਸਰਪੰਚਾਂ ਨੇ ਉਹਨਾਂ ਦੇ ਗ੍ਰਹਿ ਪਿੰਡ ਸੰਗੋਵਾਲ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਸਰਦਾਰ ਸੁਰਿੰਦਰ ਸਿੰਘ ਸੰਗੋਵਾਲ ਨਮਿਤ ਰੱਖੇ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ 16 ਮਾਰਚ ਦਿਨ ਐਤਵਾਰ ਪਿੰਡ ਸੰਗੋਵਾਲ ਜ਼ਿਲ੍ਹਾ ਲੁਧਿਆਣਾ ਗੁਰਦੁਆਰਾ ਸਤਿਗੁਰੂ ਰਵਿਦਾਸ ਵਿਖੇ ਦੁਪਹਿਰ 12 ਵਜੇ ਤੋਂ ਲੈਕੇ 1 ਵਜੇ ਤੱਕ ਹੋਵੇਗੀ ਆਪਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ

# ਏ.ਐਨ.ਐਮਜ਼ ਨੂੰ ਆਨਲਾਈਨ ਕੰਮ ਬਾਰੇ ਜਾਣੂ ਕਰਵਾਉਣਾ ਸਿਖਲਾਈ ਪ੍ਰੋਗਰਾਮ ਦਾ ਮਕਸਦ-ਸਿਵਲ ਸਰਜਨ ਡਾ.ਗੁਰਮੀਤ ਲਾਲ



ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਅਗਵਾਈ ਹੇਠ ਵੀਰਵਾਰ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਸ਼ਹਿਰੀ ਖੇਤਰ ਦੀਆਂ ਏ.ਐਨ.ਐਮਜ਼ ਲਈ ਐਚ.ਐਮ.ਆਈ.ਐਸ./ਆਰ.ਸੀ.ਐਚ./ਅਨਮੋਲ ਐਪ ਤੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਟ੍ਰੇਨਰਾਂ ਵੱਲੋਂ ਗਰਭਵਤੀ ਔਰਤਾਂ ਦੀ ਜਣੇਪੇ ਤੋਂ ਪਹਿਲਾਂ ਦੀ ਜਾਂਚ,ਸੰਸਥਾਗਤ ਜਣੇਪੇ,ਨਿਯਮਤ ਟੀਕਾਕਰਨ ਅਤੇ ਐਚ.ਐਮ.ਆਈ.ਐਸ./ਆਰ.ਸੀ.ਐਚ./ਅਨਮੋਲ ਐਪ ਬਾਰੇ ਸਿਖਲਾਈ ਦਿੱਤੀ ਗਈ।

ਸਿਵਲ ਸਰਜਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਇਸ ਸਿਖਲਾਈ ਪ੍ਰੋਗਰਾਮ ਦਾ ਮਕਸਦ ਏ.ਐਨ.ਐਮਜ਼ ਨੂੰ ਐਚ.ਐਮ.ਆਈ.ਐਸ./ਆਰ.ਸੀ.ਐਚ./ਅਨਮੋਲ ਐਪ ਤੇ ਹੋਏ ਅਪਡੇਸ਼ਨ ਅਤੇ ਨਵੇਂ ਪ੍ਰੋਗਰਾਮਾਂ ਬਾਰੇ ਅਵਗਤ ਕਰਵਾਉਣਾ ਸੀ।ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਪ੍ਰੋਗਰਾਮ ਏ.ਐਨ.ਐਮਜ਼ ਨੂੰ ਆਪਣੀ ਮੰਥਲੀ ਰਿਪੋਰਟਿੰਗ ਤੇ ਹੋਰ ਸੰਬੰਧਤ ਕੰਮ ਆਨਲਾਈਨ ਕਰਨ ਵਿੱਚ ਸਹਾਈ ਹੋਵੇਗਾ।

ਜਿਕਰਯੋਗ ਹੈ ਕਿ ਟ੍ਰੇਨਿੰਗ ਸੈਸ਼ਨ ਦੌਰਾਨ ਐਚ.ਐਮ.ਆਈ.ਐਸ. ਡਿਵੀਜ਼ਨਲ ਕੋਆਰਡੀਨੇਟਰ ਮੋਹਿਤ ਗ੍ਰੋਵਰ ਵੱਲੋਂ ਏ.ਐਨ.ਐਮਜ਼ ਨੂੰ ਪੀਪੀਟੀ ਰਾਹੀਂ ਐਚ.ਐਮ.ਆਈ.ਐਸ./ਆਰ.ਸੀ.ਐਚ./ਅਨਮੋਲ ਐਪ ਨੂੰ ਆਨਲਾਈਨ ਕਿਵੇਂ ਇਸਤੇਮਾਲ ਕਰਨਾ ਹੈ,ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਏ.ਐਨ.ਐਮਜ਼ ਨੂੰ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੀ ਪ੍ਰੋਗਰਾਮਿੰਗ ਬਾਰੇ ਜਾਣੂ ਕਰਵਾਇਆ ਗਿਆ ਅਤੇ ਨਾਲ ਹੀ ਐਨ.ਪੀ.-ਐਨ.ਸੀ.ਡੀ. ਪ੍ਰੋਗਰਾਮ ਬਾਰੇ ਵੀ 100 ਫੀਸਦ ਸਕ੍ਰੀਨਿੰਗ ਕਵਰੇਜ, ਇਲਾਜ ਅਤੇ ਫਾਲੋਅਪ ਬਾਰੇ ਡੇਟਾ ਰੋਜਾਨਾ ਐਨ.ਪੀ.-ਐਨ.ਸੀ.ਡੀ.ਪੋਰਟਲ ਤੇ ਅਪਲੋਡ ਕਰਨ ਸੰਬੰਧੀ ਪ੍ਰੋਤਸਾਹਿਤ ਕੀਤਾ ਗਿਆ। ਇਸ ਮੌਕੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਰਮਨ ਗੁਪਤਾ,ਐਮ.ਈ.ਓ.ਰੋਹਿਤ ਠਾਕੁਰ,ਡਿਪਟੀ ਐਮ.ਈ.ਆਈ.ਓ.ਅਸੀਮ ਸ਼ਰਮਾ,ਮੋਨਿਕਾ ਅਤੇ ਸਿਹਤ ਵਿਭਾਗ ਦਾ ਸਟਾਫ਼ ਮੌਜੂਦ ਸੀ।

# ਜ਼ਿਲ੍ਹਾ ਪ੍ਰਸ਼ਾਸਨ ਨੇ ਫਿਰ ਢਾਇਆ ਨਸ਼ਾ ਤਸਕਰ ਅਜੇ ਕੁਮਾਰ ਬਿੱਲੀ ਦਾ ਘਰ




ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੇ ਗਏ ਯੁੱਧ ਵਿੱਚ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਜਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਨੇ ਨਸ਼ਾ ਤਸਕਰ ਅਜੇ ਕੁਮਾਰ ਉਰਫ ਬਿੱਲੀ ਦਾ ਘਰ ਜੇ.ਸੀ.ਬੀ.ਮਸ਼ੀਨ ਅਤੇ ਮਜ਼ਦੂਰ ਲਗਾ ਕੇ ਮਲੀਆਮੇਟ ਕਰ ਦਿੱਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਦੇ ਖਿਲਾਫ ਵੱਖ-ਵੱਖ ਥਾਣਿਆਂ ਵਿੱਚ ਪੰਜ ਮੁਕਦਮੇ ਦਰਜ ਹਨ,ਜਿਨਾਂ ਵਿੱਚੋਂ ਐਨ.ਡੀ.ਪੀ.ਐਸ.ਐਕਟ ਅਤੇ ਡਾਕੇ ਦਾ ਮੁਕਦਮਾ ਵੀ ਹੈ। ਉਹਨਾਂ ਕਿਹਾ ਕਿ ਇਸ ਉੱਤੇ ਲੱਗੀਆਂ ਇਹ ਧਰਾਵਾਂ ਅਤੇ ਇਸ ਦੀ ਕੇਸ ਹਿਸਟਰੀ ਤੋਂ ਸਪਸ਼ਟ ਹੈ ਕਿ ਇਹ ਨਸ਼ਾ ਤਸਕਰੀ ਦੇ ਧੰਦੇ ਵਿੱਚ ਲੰਮੇ ਸਮੇਂ ਤੋਂ ਸ਼ਾਮਿਲ ਹੈ। ਉਹਨਾਂ ਕਿਹਾ ਕਿ ਹੁਣ ਵੀ ਇਹ ਪੁਲਿਸ ਕੋਲੋਂ ਭਗੌੜਾ ਹੈ।

ਉਹਨਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੋ ਵੀ ਵਿਅਕਤੀ ਕਿਸੇ ਵੀ ਗੈਰ ਕਾਨੂੰਨੀ ਕਾਰਵਾਈ ਵਿੱਚ ਸ਼ਾਮਿਲ ਹੈ,ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖਿਲਾਫ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਇਹ ਕਾਰਵਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਗਲਤ ਕੰਮ ਕਰਨ ਵਾਲੇ ਲੋਕ ਮੁੱਖ ਧਾਰਾ ਵਿੱਚ ਆ ਨਹੀਂ ਜਾਂਦੇ ਜਾਂ ਉਹ ਪੰਜਾਬ ਛੱਡ ਕੇ ਪੰਜਾਬ ਤੋਂ ਬਾਹਰ ਚਲੇ ਨਹੀਂ ਜਾਂਦੇ। ਉਹਨਾਂ ਕਿਹਾ ਕਿ ਸਾਡੇ ਲਈ ਸਾਡੇ ਬੱਚੇ,ਸਾਡੀ ਜਵਾਨੀ ਨੂੰ ਸੰਭਾਲਣਾ ਬੇਹੱਦ ਜਰੂਰੀ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਅਤੇ ਡੀ.ਜੀ.ਪੀ.ਸ਼੍ਰੀ ਗੌਰਵ ਯਾਦਵ ਵੱਲੋਂ ਇਸ ਬਾਬਤ ਬੜੀਆਂ ਸਪਸ਼ਟ ਹਦਾਇਤਾਂ ਹਨ ਕਿ ਜੋ ਵੀ ਵਿਅਕਤੀ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਿਲ ਹੈ,ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।

ਇਸ ਮੌਕੇ ਡੀ.ਸੀ.ਪੀ.ਸ਼੍ਰੀ ਆਲਮ ਵਿਜੇ ਸਿੰਘ,ਏ.ਡੀ.ਸੀ.ਪੀ.ਸ਼੍ਰੀ ਵਿਸ਼ਾਲਜੀਤ ਸਿੰਘ ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀ ਵੀ ਮੌਕੇ ਤੇ ਹਾਜ਼ਰ ਸਨ।

# ਫ਼ਤਿਹ ਗਰੁੱਪ ਰਾਮਪੁਰਾ ਵਿਖੇ ਜ਼ਿਲ੍ਹਾ ਪੱਧਰੀ ਦੋ ਰੋਜ਼ਾ ਵਰਕਸ਼ਾਪ ਵਾਤਾਵਰਨ ਬਚਾਓ, ਨਸ਼ਾ ਤਿਆਗੋ ਤੇ ਖੇਤੀਬਾੜੀ ਨੂੰ ਲਾਹੇਵੰਦ ਬਣਾਉਣ ਦਾ ਸੁਨੇਹਾ ਦਿੰਦੀ ਹੋਈ ਸ਼ਾਨੋ ਸ਼ੌਕਤ ਨਾਲ ਸੰਪੰਨ

ਬਠਿੰਡਾ/ਰਾਮਪੁਰਾ ਫੂਲ (ਲੋਕ ਬਾਣੀ)-ਅੱਜ ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਬਠਿੰਡਾ ਦੇ ਮਾਣਯੋਗ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੋਧੀ ਅਤੇ ਵੱਖ ਵੱਖ ਵਿਸ਼ਿਆਂ ਨਾਲ ਸੰਬੰਧਿਤ 2 ਰੋਜ਼ਾ ਜਾਗਰੂਕਤਾ ਵਰਕਸ਼ਾਪ ਕੀਤੀ ਗਈ। ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਬਠਿੰਡਾ ਰਘਵੀਰ ਸਿੰਘ ਮਾਨ ਦੀ ਰਹਿਨੁਮਾਈ ਹੇਠ ਫਤਿਹ ਗਰੁੱਪ ਆਫ ਇੰਸਟੀਟਿਊਸ਼ਨਜ਼ ਰਾਮਪੁਰਾ ਫੂਲ ਦੇ ਸਹਿਯੋਗ ਨਾਲ ਹੋਈ ਇਸ ਦੋ ਰੋਜ਼ਾ ਵਰਕਸ਼ਾਪ ਵਿੱਚ ਵੱਖ ਵੱਖ ਵਿਭਾਗਾਂ ਤੋਂ ਆਏ ਮਾਹਿਰਾਂ ਨੇ ਯੁਵਕ ਸੇਵਾਵਾਂ ਕਲੱਬਾਂ ਦੇ ਨੁਮਾਇੰਦਿਆਂ ਅਤੇ ਨੌਜਵਾਨਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਆਪਣੇ ਆਪਣੇ ਵਿਸ਼ਿਆਂ ਸਬੰਧੀ ਜਾਣਕਾਰੀ ਦਿੱਤੀ ⇩ ਇਸ ਮੌਕੇ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕਰ ਰਹੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਡਿਪਟੀ ਡਾਇਰੈਕਟਰ ਸ. ਕੁਲਵਿੰਦਰ ਸਿੰਘ ਭੁੱਲਰ ਨੇ ਨੌਜਵਾਨਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਵਿਭਾਗ ਦੀਆਂ ਵੱਖ ਵੱਖ ਸਕੀਮਾਂ ਅਤੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ ਕਿ ਕਿਸ ਤਰ੍ਹਾਂ ਨੌਜਵਾਨ ਪਿੰਡਾਂ ਵਿੱਚ ਯੁਵਕ ਕਲੱਬਾਂ ਦਾ ਗਠਨ ਕਰਕੇ ਵਿਭਾਗ ਦੀਆਂ ਸਕੀਮਾਂ ਜਿਵੇਂ ਐਡਵੈਂਚਰ ਕੈਂਪ, ਹਾਈਕਿੰਗ ਟਰੈਕਿੰਗ ਕੈਂਪ, ਯੂਥ ਲੀਡਰਸ਼ਿਪ ਟਰੇਨਿੰਗ ਕੈਂਪ, ਯੁਵਕ ਮੇਲੇ, ਯੁਵਕ ਕਲੱਬਾਂ ਨੂੰ ਵਿੱਤੀ ਸਹਾਇਤਾ, ਸੱਭਿਆਚਾਰਕ ਵਿਚਾਰ ਵਿਟਾਂਦਰਾ ਪ੍ਰੋਗਰਾਮ, ਆਦਿ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਉਹਨਾਂ ਦੱਸਿਆ ਕਿ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਚੰਗਾ ਕੰਮ ਕਰਨ ਦੇ ਆਧਾਰ ਤੇ ਜ਼ਿਲ੍ਹੇ ਵਿੱਚੋਂ ਤਿੰਨ ਸਰਵੋਤਮ ਕਲੱਬਾਂ ਦੀ ਚੋਣ ਕੀਤੀ ਜਾਵੇਗੀ ਜਿਸ ਵਿੱਚ ਪਹਿਲੇ ਤਿੰਨ ਨੰਬਰਾਂ ਤੇ ਰਹਿਣ ਵਾਲੇ ਕਲੱਬਾਂ ਨੂੰ ਕ੍ਰਮਵਾਰ 5 ਲੱਖ ਰੁਪਏ, 3 ਲੱਖ ਰੁਪਏ, 2 ਲੱਖ ਰੁਪਏ ਦਾ ਨਗਦ ਇਨਾਮ ਦਿੱਤਾ ਜਾਵੇਗਾ। ਇਸ ਮੌਕੇ ਵਣ ਵਿਭਾਗ ਬਠਿੰਡਾ ਤੋਂ ਪਹੁੰਚੇ ਅਪਿੰਦਰ ਸਿੰਘ ਨੇ ਨੌਜਵਾਨਾਂ ਨੂੰ ਵਾਤਾਵਰਣ ਪ੍ਰਤੀ ਜਾਗਰੁਕ ਕੀਤਾ ਅਤੇ ਪੰਜਾਬ ਸਰਕਾਰ ਦੁਆਰਾ ਰੁੱਖਾਂ ਨੂੰ ਲਗਾਉਣ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਸਿਵਲ ਹਸਪਤਾਲ ਰਾਮਪੁਰਾ ਤੋਂ ਬਲੱਡ ਟਰਾਂਸਫਿਊਜ਼ਨ ਅਫਸਰ ਡਾਕਟਰ ਸਵੀਟੀ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਖ਼ੂਨਦਾਨ ਕਰਨ ਦੇ ਲਾਭ ਦੱਸੇ। ਇਸ ਵਰਕਸ਼ਾਪ ਵਿੱਚ ਬਠਿੰਡਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਾਨ ਨੇ ਨੌਜਵਾਨਾਂ ਨੂੰ ਪਿੰਡਾਂ ਵਿੱਚ ਕਲੱਬਾਂ ਦੀ ਮਹੱਤਤਾ ਬਾਰੇ ਦੱਸਿਆ ਅਤੇ ਨੌਜਵਾਨਾਂ ਨੂੰ ਅੱਗੇ ਆ ਕੇ ਪਿੰਡਾਂ ਵਿੱਚ ਸਮਾਜ ਭਲਾਈ ਦੇ ਕੰਮ ਕਰਨ ਲਈ ਪ੍ਰੇਰਿਆ। ਇਸ ਮੌਕੇ ਖੇਤੀਬਾੜੀ ਵਿਭਾਗ ਤੋਂ ਪਹੁੰਚੇ ਏਡੀਓ ਸਰਦਾਰ ਜਗਪਾਲ ਸਿੰਘ ਨੇ ਨੌਜਵਾਨਾਂ ਨੂੰ ਦੱਸਿਆ ਕਿ ਖੇਤੀਬਾੜੀ ਕਿਸ ਤਰ੍ਹਾਂ ਲਾਹੇ ਦਾ ਧੰਦਾ ਬਣ ਸਕਦਾ ਹੈ ਅਤੇ ਇਸ ਦੇ ਵਿੱਚ ਆਪਣਾ ਭਵਿੱਖ ਦੇਖਿਆ ਜਾ ਸਕਦਾ ਹੈ। ਉਨਾਂ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੁਆਰਾ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ ਵੱਖ ਸਬਸਿਡੀਆਂ ਬਾਰੇ ਵੀ ਜਾਣਕਾਰੀ ਦਿੱਤੀ । ਇਸ ਮੌਕੇ ਫਤਿਹ ਗਰੁੱਪ ਆਫ ਇੰਸਟੀਟਿਊਸ਼ਨ ਰਾਮਪੁਰਾ ਫੂਲ ਦੇ ਚੇਅਰਮੈਨ ਸ. ਸੁਖਮੰਦਰ ਸਿੰਘ ਜੀ



ਚੱਠਾ ਨੇ ਬਾਹਰੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ । ਇਸ ਮੌਕੇ ਵਿਭਾਗ ਦੇ ਸੀਨੀਅਰ ਅਕਾਊਂਟੈਂਟ ਗੁਰਦੀਪ ਸਿੰਘ, ਅਮਰਿੰਦਰ ਸਿੰਘ, ਫਤਿਹ ਕਾਲਜ ਆਫ ਇੰਸਟੀਟਿਊਸ਼ਨ ਰਾਮਪੁਰਾ ਦੇ ਪ੍ਰਿੰਸੀਪਲ ਬਘੇਲ ਸਿੰਘ, ਡੀਨ ਅਕਾਦਮਿਕ ਜਗਵਿੰਦਰ ਸਿੰਘ,ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, : ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ , ਕੁਲਦੀਪ ਸਿੰਘ, ਰੋਬਿਨ ਮੰਗਲਾ, ਵਰਿੰਦਰ ਕੌਰ, ਹਰਜੀਤ ਕੌਰ ਹਾਜ਼ਰ ਸਨ । ਇਸ ਪੂਰੀ ਵਰਕਸ਼ਾਪ ਦੌਰਾਨ ਸਟੇਜ ਦਾ ਮੰਚ ਸੰਚਾਲਨ ਪ੍ਰੋਫੈਸਰ ਕ੍ਰਿਸ਼ਨ ਕੁਮਾਰ ਜੀ ਨੇ ਬੜੇ ਬਾਖ਼ੂਬੀ ਢੰਗ ਨਾਲ ਕੀਤਾ।

# 73ਵੇਂ ਸ਼ਹੀਦੀ ਜੋੜ ਮੇਲੇ ਤੇ ਮਨੁਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਅਤੇ ਫਰੀ ਮੈਡੀਕਲ ਕੈਂਪ ਲਾਇਆ

ਲੁਧਿਆਣਾ (ਸੁਖਚੈਨ ਮਹਿਰਾ)ਪਿੰਡ ਅਜਨੋਦ ਵਿਖੇ ਗੁਰਦੁਆਰਾ ਸਾਹਿਬ ਬਾਬੇ ਸ਼ਹੀਦਾਂ ਦੇ 73ਵੇਂ ਸਲਾਨਾ ਸ਼ਹੀਦੀ ਜੋੜ ਮੇਲੇ ਤੇ ਮਨੁੱਖਤਾ ਦੇ ਭਲੇ ਲਈ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ 787ਵਾਂ ਮਹਾਨ ਖ਼ੂਨਦਾਨ ਕੈਂਪ ਗੁ: ਸਾਹਿਬ ਬਾਬੇ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਪੂਰਨ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਸੰਤ ਬਾਬਾ ਭੁਪਿੰਦਰ ਸਿੰਘ ਪਟਿਆਲਾ ਨੇ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਤੇ ਸਾਥੀਆਂ ਦੀ ਸ਼ਾਲਾਘਾ ਕਰਦਿਆਂ ਕਿਹਾ ਖ਼ੂਨਦਾਨ ਕੈਂਪ ਲਾਉਣੇ ਬਹੁਤ ਅਸਾਨ ਹੈ ਸੱਭ ਤੋਂ





ਔਖਾ ਲੋੜਵੰਦ ਮਰੀਜ਼ਾਂ ਨੂੰ ਖ਼ੂਨ ਲੈਕੇ ਦੇਣਾ। ਮੈ ਵੀਹ-ਬਾਈ ਸਾਲਾ ਤੋਂ ਦੇਖ ਰਿਹਾ ਜੱਥੇਦਾਰ ਨਿਮਾਣਾ ਨੂੰ ਪੰਜਾਬ ਦੇ ਕਿਸੇ ਜ਼ਿਲ੍ਹੇ ਵਿਚੋ ਲੋੜਵੰਦ ਮਰੀਜ਼ ਯਾਦ ਕਰਦੇ ਹਨ ਉਨ੍ਹਾਂ ਲੋੜਵੰਦ ਮਰੀਜ਼ਾਂ ਨੂੰ ਭਾਈ ਘੱਨ੍ਹਈਆ ਜੀ ਦੀ ਸੋਚ ਤੇ ਪਹਿਰਾ ਦਿੰਦੇ ਹੋਏ ਬਿਨਾਂ ਭੇਦਭਾਵ ਨਿਸ਼ਕਾਮ ਰੂਪ ਵਿੱਚ ਖ਼ੂਨ ਲੈਕੇ ਦੇਣ ਦੀ ਸੇਵਾ ਨਿਭਾ ਰਹੇ ਹਨ ਇਨ੍ਹਾਂ ਤੇ ਪ੍ਰਮਾਤਮਾ ਦੀ ਅਪਾਰ ਬਖਸ਼ਿਸ਼ ਹੈ ਇਸ ਮੌਕੇ ਤੇ ਸੁਖਜਿੰਦਰ ਸਿੰਘ ਸੁਖੀ ਅਜਨੌਦ ਨੇ ਦਸਿਆ ਸਿਧੂ ਹਸਪਤਾਲ ਦੋਰਾਹਾ ਦੇ ਡਾ: ਧਰਮਿੰਦਰ ਸਿੰਘ ਅਤੇ ਸ਼ਿਲਪੀ ਹਸਤਪਾਲ ਲੁਧਿਆਣਾ ਦੇ ਡਾ: ਗੌਰਵ ਖੰਨਾ ਦੀ ਦੇਖ ਰੇਖ ਹੇਠ ਫਰੀ ਮੈਡੀਕਲ ਕੈਂਪ ਦੌਰਾਨ 500 ਮਰੀਜ਼ਾਂ ਦਾ ਫਰੀ ਚੈਕ-ਅੱਪ ਅਤੇ ਦਵਾਈਆਂ ਵੰਡੀਆਂ ਅਤੇ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ ਖ਼ੂਨਦਾਨ ਕੈਂਪ ਦੌਰਾਨ 270 ਬਲੱਡ ਯੂਨਿਟ ਸਿਵਿਲ ਹਸਪਤਾਲ, ਗੁਰਦੇਵ ਹਸਤਪਾਲ ਅਤੇ ਮੈਡੀਸਿਟੀ ਹਸਪਤਾਲ ਦੀ ਟੀਮ ਦੇ ਸਹਿਯੋਗ ਨਾਲ ਇਕੱਤਰ ਹੋਇਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਤੇ ਸਾਬਕਾ ਸਰਪੰਚ ਬਲਜੀਤ ਸਿੰਘ ਦਿਉਲ, ਬਲਦੇਵ ਸਿੰਘ ਸੰਧੂ,ਰਿਕੀ ਅਜਨੌਦ,ਲਵਪ੍ਰੀਤ ਸਿੰਘ ਲਾਲੀ, ਅਮਰਿੰਦਰ ਸਿੰਘ ਦਿਓਲ,ਅਵਤਾਰ ਸਿੰਘ ਸਿੱਧੂ ਕਾਨੂੰਗੋ, ਮੈਨੇਜਰ ਤਲਵਿੰਦਰ ਸਿੰਘ ਹੈਪੀ, ਬਲਰਾਜ ਸਿੰਘ ਸਿਧੂ,ਮੋਹਨ ਸਿੰਘ ਭੰਡਾਲ,ਸੁਖਵਿੰਦਰ ਸਿੰਘ ਰਿੰਕੂ, ਹਰਪ੍ਰੀਤ ਸਿੰਘ ਹੈਪੀ, ਪੰਚ ਬਲਜੀਤ ਸਿੰਘ, ਨਾਜਰ ਸਿੰਘ ਫੋਜੀ,ਸਵਰਨਜੀਤ ਸਿੰਘ ਗੋਲਡੀ, ਕੁਲਵੰਤ ਸਿੰਘ ਬਾਬਾ ਜਗਦੇਵ ਸਿੰਘ,ਪਰਮ ਨੱਤ ਅਤੇ ਗੁ:ਬਾਬੇ ਸ਼ਹੀਦਾਂ ਦੀ ਸਮੁਚੀ ਪ੍ਰਬੰਧਕ ਕਮੇਟੀ ਦੇ ਮੈਂਬਰ ਹਾਜ਼ਰ ਸਨ

# ਸਰਕਾਰੀ ਆਈ. ਟੀ. ਆਈ. ਬੁਢਲਾਡਾ ਵਿਖੇ ਮਿਤੀ 18/03/2025 ਨੂੰ ਲੱਗੇਗਾ ਰੋਜ਼ਗਾਰ ਮੇਲਾ

ਮਾਨਸਾ (ਲੋਕ ਬਾਣੀ)- ਸਰਕਾਰੀ ਆਈ. ਟੀ. ਆਈ. ਬੁਢਲਾਡਾ ਵਿਖੇ ਮਿਤੀ 18/03/2025 ਨੂੰ ਰੁਜ਼ਗਾਰ/ ਅਪ੍ਰੈਂਟਿਸ਼ਿਪ ਮੇਲਾ ਲਗਾਇਆ ਜਾ ਰਿਹਾ ਹੈ। ਜਿਸ ਵਿਚ ਕਈ ਨਾਮੀ ਕੰਪਨੀਆਂ ਜਿਵੇਂ ਕਿ ਟ੍ਰਾਈਡੈਂਟ ਗਰੁੱਪ ਬਰਨਾਲਾ, ਜਗਤਜੀਤ ਇੰਡਸਟਰੀ ਚੀਮਾ ,ਪ੍ਰੀਤ ਗਰੁੱਪ ਨਾਭਾ,ਸਵਰਾਜ ਇੰਜਨ ਮੋਹਾਲੀ,ਹੈਵਲਜ ਇੰਡੀਆ ਬੱਦੀ ਸਮੇਤ 10 ਕੰਪਨੀਆਂ ਸਿਖਿਆਰਥੀਆਂ ਨੂੰ ਆਪਣੀਆ ਕੰਪਨੀਆਂ ਵਿੱਚ ਰੁਜ਼ਗਾਰ ਦੇਣ ਲਈ ਪਹੁੰਚ ਰਹੀਆਂ ਹਨ।

ਇਸ ਮੇਲੇ ਵਿੱਚ ਆਈ. ਟੀ. ਆਈ. ਪਾਸ ਸਿਖਿਆਰਥੀ ਅਤੇ ਨੱਨ ਆਈ. ਟੀ. ਆਈ. ਪਾਸ ਲਾਭ ਉਠਾ ਸਕਦੇ ਹਨ ਚਾਹਵਾਨ ਸਿਖਿਆਰਥੀ ਆਪਣੇ ਅਸਲ ਯੋਗਤਾ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ, ਅਧਾਰ ਕਾਰਡ ਦੀ ਫੋਟੋ ਕਾਪੀ , ਪਾਸਪੋਰਟ ਸਾਈਜ਼ ਫੋਟੋ ਅਤੇ ਯੋਗਤਾ ਦਾ ਵੇਰਵਾ ਲੈ ਕੇ ਕੈਂਪ ਵਾਲੇ ਦਿਨ ਸਰਕਾਰੀ ਸਰਕਾਰੀ ਆਈ. ਟੀ. ਆਈ. ਬੁਢਲਾਡਾ ਵਿਖੇ 10:00 ਵਜੇ ਪਹੁੰਚਣ ਵਧੇਰੇ ਜਾਣਕਾਰੀ ਲਈ ਮੋਬਾਈਲ ਨੰ 9417170003 ,9876330347 ਤੇ ਸੰਪਰਕ ਕੀਤਾ ਜਾ ਸਕਦਾ ਹੈ

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
64 YEARS EDUCATIONAL EXCELLENCE
MORE THAN
56 Colleges & Schools · 200 Merit Positions
125 Companies For Placements
75 Academic Courses
2000 Placements in 2022 - 2023
42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com